Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 95 Chief Editor : Chowdhary Prabhjit Singh, Editor : Chhatarpal Singh 98146-32807, Sunday 27 September 2026 Price : 2 Rs. Page : 6

## ਭਾਰਤੀ ਮਹਿਲਾ ਕਬੱਡੀ ਟੀਮ ਨੇ ਇਰਾਨ ਨੂੰ ਹਰਾ ਕੇ ਸੋਨ ਤ.ਗਮਾ ਜਿੱਤਿਆ

### ਮੁੱਖ ਮੰਤਰੀ ਨੇ ਭਾਰਤੀ ਮਹਿਲਾ ਕਬੱਡੀ ਟੀਮ ਨੂੰ ਦਿੱਤੀ ਵਧਾਈ



**ਚੰਡੀਗੜ੍ਹ 26 ਸਤੰਬਰ**
**-ਛਤਰਪਾਲ ਸਿੰਘ-**

ਭਾਰਤੀ ਮਹਿਲਾ ਕਬੱਡੀ ਟੀਮ ਨੇ ਸ਼ਨਿਚਰਵਾਰ ਨੂੰ ਇਰਾਨ ਨੂੰ 37-34 ਨਾਲ ਹਰਾ ਕੇ ਏਸ਼ਿਆਈ ਖੇਡਾਂ ਵਿੱਚ ਸੋਨ ਤ.ਗਮਾ ਜਿੱਤ ਲਿਆ। ਭਾਰਤੀ ਟੀਮ ਨੇ ਫਾਈਨਲ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਸਖ਼ਤ ਮੁਕਾਬਲੇ ਵਿੱਚ ਇਰਾਨ ਨੂੰ ਮਾਤ ਦਿੱਤੀ ਅਤੇ ਖ਼ਿਤਾਬ ਆਪਣੇ ਨਾਂ ਕੀਤਾ। ਇਹ ਮੁਕਾਬਲਾ ਆਇਚੀ-ਨਾਗੋਆ ਵਿੱਚ ਹੋਇਆ।

ਭਾਰਤੀ ਟੀਮ ਲਈ ਇਹ ਜਿੱਤ ਇਸ ਲਈ ਵੀ ਮਹੱਤਵਪੂਰਨ ਰਹੀ ਕਿਉਂਕਿ ਉਸ ਨੇ ਪੂਰੇ ਟੂਰਨਾਮੈਂਟ ਦੌਰਾਨ ਆਪਣਾ ਜੇਤੂ ਸਫ਼ਰ ਜਾਰੀ ਰੱਖਿਆ। ਭਾਰਤ ਨੇ ਗਰੁੱਪ ਗੇੜ ਵਿੱਚ ਬੰਗਲਾਦੇਸ਼, ਇਰਾਨ ਅਤੇ ਜਾਪਾਨ ਨੂੰ ਹਰਾਇਆ ਸੀ। ਇਸ ਤੋਂ ਬਾਅਦ ਸੈਮੀਫਾਈਨਲ ਵਿੱਚ ਨੇਪਾਲ ਨੂੰ 48-24 ਨਾਲ ਹਰਾ ਕੇ ਫਾਈਨਲ ਵਿੱਚ ਥਾਂ ਬਣਾਈ ਸੀ।

ਫਾਈਨਲ ਵਿੱਚ ਭਾਰਤ ਅਤੇ ਇਰਾਨ ਵਿਚਾਲੇ ਸ਼ੁਰੂ ਤੋਂ ਹੀ ਸਖ਼ਤ ਟੱਕਰ ਦੇਖਣ ਨੂੰ ਮਿਲੀ। ਦੋਵਾਂ ਟੀਮਾਂ ਨੇ ਲਗਾਤਾਰ ਅੰਕ ਹਾਸਲ ਕੀਤੇ ਅਤੇ ਮੁਕਾਬਲਾ ਆਖ਼ਰ ਤੱਕ ਰੌਮਾਂਚਕ ਬਣਿਆ ਰਿਹਾ। ਭਾਰਤੀ ਖਿਡਾਰਨਾਂ ਨੇ ਦਬਾਅ ਦੇ ਬਾਵਜੂਦ ਆਪਣੀ ਖੇਡ ਵਿੱਚ ਇਕਾਗਰਤਾ ਬਣਾਈ ਰੱਖੀ ਅਤੇ ਆਖ਼ਰ ਵਿੱਚ 37-34 ਨਾਲ ਜਿੱਤ ਦਰਜ ਕਰ ਲਈ।

ਮੁੱਖ ਮੰਤਰੀ ਭਗਵੰਤ ਮਾਨ ਨੇ ਸੋਨ ਤਗਮਾ ਜਿੱਤਣ 'ਤੇ ਭਾਰਤੀ ਮਹਿਲਾ ਕਬੱਡੀ ਟੀਮ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਟਵੀਟ ਕਰ ਕਿਹਾ ਕਿ ਏਸ਼ਿਅਨ ਖੇਡਾਂ 2026 'ਚ ਈਰਾਨ ਨੂੰ ਹਰਾ ਕੇ ਸੋਨ ਤਗਮਾ ਜਿੱਤਣ ਵਾਲੀ ਭਾਰਤੀ ਮਹਿਲਾ ਕਬੱਡੀ ਟੀਮ ਨੂੰ ਬਹੁਤ-ਬਹੁਤ ਮੁਬਾਰਕਾਂ।

## 9ਵੇਂ ਰਾਸ਼ਟਰੀਯ ਪੋਸ਼ਣ ਮਾਹ 2026 ਦੇ ਤਹਿਤ ਜਾਗਰੂਕਤਾ ਅਤੇ ਸਮੁਦਾਇਕ ਭਾਗੀਦਾਰੀ ਗਤੀਵਿਧੀਆਂ ਆਯੋਜਿਤ




**ਚੰਡੀਗੜ੍ਹ, 26 ਸਤੰਬਰ**
**-ਜੀ. ਐਸ. ਤੁੰਗ-**

9ਵੇਂ ਰਾਸ਼ਟਰੀਯ ਪੋਸ਼ਣ ਮਾਹ 2026 ਦੇ ਤਹਿਤ ਬੱਚਿਆਂ ਦੇ ਪੋਸ਼ਣ ਵਿੱਚ ਸੁਧਾਰ ਵਿੱਚ ਮਾਪਿਆਂ ਅਤੇ ਸਮੁਦਾਇ ਦੀ ਭੂਮਿਕਾ ਵਿਸ਼ੇ 'ਤੇ ਡਾ. ਸ਼ਮਸ਼ੇਰ ਦੁਆਰਾ ਲੈਕਚਰ ਆਯੋਜਿਤ ਕੀਤਾ ਗਿਆ। ਇਸ ਦੌਰਾਨ ਮਾਪਿਆਂ ਅਤੇ ਸਮੁਦਾਇ ਦੇ ਮੈਂਬਰਾਂ ਨੂੰ ਸੰਤੁਲਿਤ ਆਹਾਰ, ਬੱਚਿਆਂ ਨੂੰ ਉਚਿਤ ਤਰੀਕੇ ਨਾਲ ਭੋਜਨ ਦੇਣ, ਤੰਦਰੁਸਤ ਖਾਣ-ਪੀਣ ਦੀਆਂ ਆਦਤਾਂ ਅਤੇ ਬੱਚਿਆਂ ਦੇ ਵਿਕਾਸ ਦੀ ਨਿਯਮਿਤ ਨਿਗਰਾਨੀ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਪ੍ਰਤੀਭਾਗੀਆਂ ਨਾਲ ਵਿਵਹਾਰਿਕ ਜਾਣਕਾਰੀ ਅਤੇ ਉਪਯੋਗੀ ਅਨੁਭਵ ਵੀ ਸਾਂਝੇ ਕੀਤੇ ਗਏ।

ਬੁੜੈਲ ਸਰਕਲ ਵਿਖੇ ਮਾਪਿਆਂ ਨੇ ਗਰਮ ਪਕਾਏ ਹੋਏ ਭੋਜਨ (ਹੌਟ ਕੁਕਡ ਮੀਲ/ਐੱਚਸੀਐੱਮ) ਦੇ ਸੁਆਦ ਪਰੀਖਣ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਭੋਜਨ ਦੀ ਗੁਣਵੱਤਾ ਤੇ ਸਵੀਕਾਰਯੋਗਤਾ ਬਾਰੇ ਆਪਣੀ ਪ੍ਰਤੀਕਿਰਿਆ ਸਾਂਝੀ ਕੀਤੀ। 'ਪੋਸ਼ਣ ਮਾਹ 2026' ਦੇ ਥੀਮ 'ਤੇ ਅਧਾਰਿਤ ਇੱਕ ਪ੍ਰਦਰਸ਼ਨ ਵੀ ਆਯੋਜਿਤ ਕੀਤਾ ਗਿਆ,ਜਿਸ ਦਾ ਉਦੇਸ਼ ਬੱਚਿਆਂ ਦੇ ਪੋਸ਼ਣ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਸਮੁਦਾਇ ਦੀ ਸਰਗਰਮ ਭਾਗੀਦਾਰੀ ਨੂੰ ਪ੍ਰੋਤਸਾਹਿਤ ਕਰਨਾ ਸੀ।

ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਮਾਪਿਆਂ ਅਤੇ ਸਮੁਦਾਇ ਵਿੱਚ ਪੋਸ਼ਣ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਬੱਚਿਆਂ ਦੇ ਬਿਹਤਰ ਪੋਸ਼ਣ ਤੇ ਤੰਦਰੁਸਤ ਵਿਕਾਸ ਲਈ ਸਮੂਹਿਕ ਪ੍ਰਯਾਸਾਂ ਨੂੰ ਪ੍ਰੋਤਸਾਹਿਤ ਕਰਨਾ ਸੀ।




## ਚੋਣ ਕਮਿਸ਼ਨ ਮਾਮਲਾ: ਇੰਡੀਆ ਗੱਠਜੋੜ ਦੀ ਦਿੱਲੀ 'ਚ 30 ਸਤੰਬਰ ਦੀ ਮੀਟਿੰਗ ਦੀ ਚਰਚਾ

### ਐੱਸ ਆਈ ਆਰ ਸਮੇਤ ਚੋਣ ਪ੍ਰਕਿਰਿਆ ਨਾਲ ਜੁੜੇ ਮਾਮਲਿਆਂ 'ਤੇ ਹੋਵੇਗੀ ਚਰਚਾ; ਸਾਂਝੀ ਰਣਨੀਤੀ ਬਣਾਉਣ ਦੀ ਸੰਭਾਵਨਾ

**ਨਵੀਂ ਦਿੱਲੀ, 26 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਇੰਡੀਆ ਗੱਠਜੋੜ ਵਿੱਚ ਸ਼ਾਮਲ ਵਿਰੋਧੀ ਪਾਰਟੀਆਂ ਚੋਣ ਕਮਿਸ਼ਨ ਨਾਲ ਜੁੜੇ ਮੁੱਦਿਆਂ ਅਤੇ ਹੋਰ ਅਹਿਮ ਮਾਮਲਿਆਂ 'ਤੇ ਵਿਚਾਰ-ਵਟਾਂਦਰੇ ਲਈ 30 ਸਤੰਬਰ ਨੂੰ ਦਿੱਲੀ ਵਿੱਚ ਮੀਟਿੰਗ ਕਰ ਸਕਦੀਆਂ ਹਨ। ਮੀਟਿੰਗ ਦੀ ਤਾਰੀਖ ਬਾਰੇ ਅੰਤਿਮ ਫ਼ੈਸਲਾ ਹੋਣਾ ਹਾਲੇ ਬਾਕੀ ਹੈ ਅਤੇ ਇਸ ਸਬੰਧੀ ਜਾਣਕਾਰੀ ਸੂਤਰਾਂ ਦੇ ਹਵਾਲੇ ਨਾਲ ਸਾਹਮਣੇ ਆਈ ਹੈ।

ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਅਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸਆਈਆਰ) ਇਸ ਵੇਲੇ ਵਿਰੋਧੀ ਪਾਰਟੀਆਂ ਵਿਚਾਲੇ ਚਰਚਾ ਦਾ ਮੁੱਖ ਮੁੱਦਾ ਹੈ। ਇਕ ਰਿਪੋਰਟ ਵਿੱਚ ਚੋਣ ਕਮਿਸ਼ਨ ਦੇ ਦੋ ਮੈਂਬਰਾਂ ਵੱਲੋਂ ਐੱਸਆਈਆਰ ਨਾਲ ਜੁੜੇ ਕੁਝ ਫ਼ੈਸਲਿਆਂ 'ਤੇ ਇਤਰਾਜ਼ ਦਰਜ ਕਰਵਾਏ ਜਾਣ ਦਾ ਦਾਅਵਾ ਕੀਤਾ ਗਿਆ ਸੀ। ਇਸ ਤੋਂ ਬਾਅਦ ਵਿਰੋਧੀ ਪਾਰਟੀਆਂ ਨੇ ਇਸ ਮਾਮਲੇ 'ਤੇ ਸਾਂਝੇ ਤੌਰ 'ਤੇ ਅੱਗੇ ਵਧਣ ਦੀ ਕੋਸ਼ਿਸ਼ ਤੇਜ਼ ਕਰ ਦਿੱਤੀ ਹੈ।

**ਮਮਤਾ ਨੇ ਰਾਹੁਲ ਨਾਲ ਕੀਤੀ ਗੱਲ**

ਤ੍ਰਿਣਮੂਲ ਕਾਂਗਰਸ ਮੁਖੀ ਮਮਤਾ ਬੈਨਰਜੀ ਨੇ ਇਸ ਮੁੱਦੇ 'ਤੇ ਸੀਪੀਆਈ(ਐੱਮ) ਦੇ ਜਨਰਲ ਸਕੱਤਰ ਐੱਮ. ਏ. ਬੇਬੀ ਨਾਲ ਫ਼ੋਨ 'ਤੇ ਗੱਲ ਕੀਤੀ। ਦੋਵਾਂ ਆਗੂਆਂ ਨੇ ਚੋਣ ਕਮਿਸ਼ਨ ਅਤੇ ਐੱਸਆਈਆਰ ਨਾਲ ਜੁੜੇ ਘਟਨਾਕ੍ਰਮ ਦੇ ਮੱਦੇਨਜ਼ਰ ਵਿਰੋਧੀ ਪਾਰਟੀਆਂ ਨੂੰ ਇਕੱਠਾ ਕਰਨ ਦੀ ਲੋੜ 'ਤੇ ਵਿਚਾਰ ਕੀਤਾ।

ਰਿਪੋਰਟ ਮੁਤਾਬਕ ਮਮਤਾ ਬੈਨਰਜੀ ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨਾਲ ਵੀ ਗੱਲਬਾਤ ਕੀਤੀ ਅਤੇ ਇੰਡੀਆ ਗੱਠਜੋੜ ਦੀ ਮੀਟਿੰਗ ਜਲਦੀ ਬੁਲਾਉਣ ਲਈ ਕਿਹਾ। ਇਸ ਤੋਂ ਪਹਿਲਾਂ ਐੱਮ. ਏ. ਬੇਬੀ ਨੇ 23 ਸਤੰਬਰ ਨੂੰ ਮਮਤਾ ਬੈਨਰਜੀ ਸਮੇਤ ਇੰਡੀਆ ਗੱਠਜੋੜ ਅਤੇ ਹੋਰ ਗੈਰ-ਭਾਜਪਾ ਪਾਰਟੀਆਂ ਦੇ ਆਗੂਆਂ ਨੂੰ ਪੱਤਰ ਲਿਖ ਕੇ ਮੌਜੂਦਾ ਹਾਲਾਤ 'ਤੇ ਸਾਂਝੀ ਮੀਟਿੰਗ ਕਰਨ ਦੀ ਅਪੀਲ ਕੀਤੀ ਸੀ।

**ਵਿਰੋਧੀ ਧਿਰਾਂ ਪਹਿਲਾਂ ਵੀ ਚੁੱਕ ਚੁੱਕੀਆਂ ਹਨ ਐੱਸਆਈਆਰ ਦਾ ਮੁੱਦਾ**

ਇਹ ਪਹਿਲੀ ਵਾਰ ਨਹੀਂ ਹੈ ਜਦੋਂ ਵਿਰੋਧੀ ਪਾਰਟੀਆਂ ਨੇ ਐੱਸਆਈਆਰ ਅਤੇ ਚੋਣ ਕਮਿਸ਼ਨ ਦੀ ਭੂਮਿਕਾ ਨੂੰ ਲੈ ਕੇ ਸਾਂਝੇ ਤੌਰ 'ਤੇ ਆਵਾਜ਼ ਉਠਾਈ ਹੈ। ਜੂਨ ਵਿੱਚ 23 ਸਿਆਸੀ ਪਾਰਟੀਆਂ ਅਤੇ ਇੱਕ ਆਜ਼ਾਦ ਸੰਸਦ ਮੈਂਬਰ ਨੇ ਮੁੱਖ ਜੱਜ ਨੂੰ ਸਾਂਝਾ ਪੱਤਰ ਭੇਜ ਕੇ ਐੱਸਆਈਆਰ ਅਤੇ ਚੋਣਾਂ ਨਾਲ ਸਬੰਧਤ ਹੋਰ ਮੁੱਦਿਆਂ 'ਤੇ ਦਖ਼ਲ ਦੀ ਮੰਗ ਕੀਤੀ ਸੀ। ਇਸ ਪੱਤਰ 'ਤੇ ਕਾਂਗਰਸ, ਟੀਐੱਮਸੀ, ਆਰਜੇਡੀ, ਸਮਾਜਵਾਦੀ ਪਾਰਟੀ, ਖੱਬੀਆਂ ਪਾਰਟੀਆਂ ਸਮੇਤ ਕਈ ਧਿਰਾਂ ਦੇ ਆਗੂਆਂ ਨੇ ਦਸਤਖ਼ਤ ਕੀਤੇ ਸਨ।

ਇਸੇ ਦੌਰਾਨ ਕਾਂਗਰਸ ਵਰਕਿੰਗ ਕਮੇਟੀ ਦੀ 29 ਸਤੰਬਰ ਨੂੰ ਮੀਟਿੰਗ ਹੋਣੀ ਹੈ। ਪੀਟੀਆਈ ਦੀ ਰਿਪੋਰਟ ਮੁਤਾਬਕ ਇਸ ਮੀਟਿੰਗ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨਾਲ ਜੁੜੇ ਮਾਮਲੇ ਅਤੇ ਐੱਸਆਈਆਰ ਸਬੰਧੀ ਰਣਨੀਤੀ 'ਤੇ ਵਿਚਾਰ ਹੋਣ ਦੀ ਸੰਭਾਵਨਾ ਹੈ। ਚੋਣ ਕਮਿਸ਼ਨ ਨੇ ਹਾਲਾਂਕਿ ਕਿਹਾ ਹੈ ਕਿ ਕਮਿਸ਼ਨ ਦੇ ਮੈਂਬਰਾਂ ਵਿਚਾਲੇ ਵੱਖ-ਵੱਖ ਸੁਝਾਅ ਜਾਂ ਟਿੱਪਣੀਆਂ ਸੰਸਥਾਗਤ ਵਿਚਾਰ-ਵਟਾਂਦਰੇ ਦਾ ਹਿੱਸਾ ਹੁੰਦੀਆਂ ਹਨ ਅਤੇ ਐੱਸਆਈਆਰ ਨਾਲ ਸਬੰਧਤ ਸਾਰੇ ਹੁਕਮ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਾਰੀ ਕੀਤੇ ਗਏ ਹਨ। ਇਸ ਪਿਛੋਕੜ ਵਿੱਚ 30 ਸਤੰਬਰ ਨੂੰ ਹੋਣ ਵਾਲੀ ਸੰਭਾਵਿਤ ਮੀਟਿੰਗ ਵਿੱਚ ਵਿਰੋਧੀ ਪਾਰਟੀਆਂ ਚੋਣ ਕਮਿਸ਼ਨ, ਐੱਸਆਈਆਰ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਮੁੱਦਿਆਂ 'ਤੇ ਸਾਂਝਾ ਰੁਖ਼ ਤੈਅ ਕਰਨ ਬਾਰੇ ਵਿਚਾਰ ਕਰ ਸਕਦੀਆਂ ਹਨ।

## ਨਾਗਾਲੈਂਡ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 19 ਮੌਤਾਂ

**ਮੋਕੋਕਚੁਆਂਗ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਾਗਾਲੈਂਡ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 19 ਲੋਕਾਂ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸੂਬੇ ਵਿੱਚ 1990 ਤੋਂ ਸ਼ਰਾਬਬੰਦੀ ਕਾਨੂੰਨ ਲਾਗੂ ਹੋਣ ਦੇ ਬਾਵਜੂਦ ਇਸ ਘਟਨਾ ਨੇ ਹਲਚਲ ਮਚਾ ਦਿੱਤੀ ਹੈ। ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਦੌਰਾਨ ਸ਼ੱਕੀ ਜ਼ਹਿਰੀਲੀ ਸ਼ਰਾਬ ਪੀਣ ਨਾਲ ਮੋਕੋਕਚੁਆਂਗ ਜ਼ਿਲ੍ਹੇ ਵਿੱਚ 8 ਅਤੇ ਟੁਏਨਸਾਂਗ ਜ਼ਿਲ੍ਹੇ ਵਿੱਚ 11 ਲੋਕਾਂ ਦੀ ਮੌਤ ਹੋ ਚੁੱਕੀ ਹੈ। ਮੌਤ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਸੈਂਪਲ ਫੋਰੈਂਸਿਕ ਜਾਂਚ ਲਈ ਗੁਹਾਟੀ ਭੇਜ ਦਿੱਤੇ ਗਏ ਹਨ।

ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੁਲੀਸ ਨੇ ਸ਼ਰਾਬ ਦੀ ਸਪਲਾਈ ਚੈਨ ਅਤੇ ਅਸਲ ਸਰੋਤ ਦਾ ਪਤਾ ਲਗਾਉਣ ਲਈ ਵਧੀਕ ਪੁਲੀਸ ਸੁਪਰਡੈਂਟ ਆਈ. ਬੁੰਗਲੈਂਗ ਚਾਂਗ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਹੈ। ਸੀਨੀਅਰ ਪੁਲੀਸ ਸੁਪਰਡੈਂਟ ਵੇਸੁਪ੍ਰਾ ਕੇਜ਼ੋ ਨੇ ਦੱਸਿਆ ਕਿ ਪੁਲੀਸ ਨੂੰ ਕੁਝ ਅਹਿਮ ਸੁਰਾਗ ਮਿਲੇ ਹਨ ਪਰ ਅਜੇ ਵੇਰਵੇ ਸਾਂਝੇ ਕਰਨਾ ਬਹੁਤ ਜਲਦਬਾਜ਼ੀ ਹੋਵੇਗੀ। ਇਸ ਮਾਮਲੇ ਵਿੱਚ ਹੁਣ ਤੱਕ 19 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ ਲਗਪਗ 3,000 ਸ਼ਰਾਬ ਦੀਆਂ ਬੋਤਲਾਂ ਬਰਾਮਦ ਕੀਤੀਆਂ ਗਈਆਂ ਹਨ।

## 'ਭਾਜਪਾ ਨੂੰ ਆਪਣੀ ਰਾਏ ਦੱਸਣ ਦਾ ਮਤਲਬ ਪਾਰਟੀ ਛੱਡਣਾ ਨਹੀਂ..': ਕੈਪਟਨ ਅਮਰਿੰਦਰ ਸਿੰਘ

### 'ਪਾਰਟੀ ਲੀਡਰਸ਼ਿਪ ਨੂੰ ਪੰਜਾਬ ਦੀ ਜ਼ਮੀਨੀ ਹਕੀਕਤ ਤੋਂ ਜਾਣੂ ਕਰਵਾਉਣਾ ਉਨ੍ਹਾਂ ਦਾ ਨੈਤਿਕ ਫ਼ਰਜ਼ ਅਤੇ ਜ਼ਿੰਮੇਵਾਰੀ'

**ਨਵੀਂ ਦਿੱਲੀ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਪੰਜਾਬ ਦੇ ਹਾਲਾਤਾਂ ਬਾਰੇ ਆਪਣੀ ਨਿਰਪੱਖ ਰਾਏ ਦੇਣ ਦਾ ਮਤਲਬ ਇਹ ਨਹੀਂ ਕਿ ਉਹ ਪਾਰਟੀ ਛੱਡ ਰਹੇ ਹਨ। ਇੱਥੇ ਮਹਾਨ ਸਪਿਨਰ ਮਰਹੂਮ ਬਿਸ਼ਨ ਸਿੰਘ ਬੇਦੀ ਦੀ ਜ਼ਿੰਦਗੀ 'ਤੇ ਆਧਾਰਿਤ ਪੁਸਤਕ ਦੇ ਰਿਲੀਜ਼ ਸਮਾਰੋਹ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਪਾਰਟੀ ਲੀਡਰਸ਼ਿਪ



ਨੂੰ ਪੰਜਾਬ ਦੀ ਜ਼ਮੀਨੀ ਹਕੀਕਤ ਤੋਂ ਜਾਣੂ ਕਰਵਾਉਣਾ ਉਨ੍ਹਾਂ ਦਾ ਨੈਤਿਕ ਫ਼ਰਜ਼ ਅਤੇ ਜ਼ਿੰਮੇਵਾਰੀ ਹੈ।

ਪੰਜਾਬ ਵਿੱਚ ਪਾਰਟੀ ਦੀ ਰਣਨੀਤੀ ਤੈਅ ਕਰਨ ਸਮੇਂ ਭਾਜਪਾ ਹਾਈਕਮਾਂਡ ਵੱਲੋਂ ਸਲਾਹ ਨਾ ਲਏ ਜਾਣ ਤੋਂ ਅਸੰਤੁਸ਼ਟ ਨਜ਼ਰ ਆ ਰਹੇ ਕੈਪਟਨ ਨੇ ਕਿਹਾ ਕਿ ਉਹ ਪਿਛਲੇ 60 ਸਾਲਾਂ ਤੋਂ ਪੰਜਾਬ ਦੀ ਰਾਜਨੀਤੀ ਵਿੱਚ ਸਰਗਰਮ ਹਨ। ਉਨ੍ਹਾਂ ਗਿਲਾ ਜ਼ਾਹਰ ਕਰਦਿਆਂ ਕਿਹਾ, ਕੁਝ ਲੋਕ ਸਾਡੇ ਤੋਂ ਬਾਅਦ ਪਾਰਟੀ ਵਿੱਚ ਆਏ ਹਨ, ਜਿਨ੍ਹਾਂ ਨੂੰ ਅਜੇ ਇੱਕ ਸਾਲ ਵੀ ਨਹੀਂ ਹੋਇਆ। ਅਸੀਂ ਇੰਨੇ ਸਾਲਾਂ ਵਿੱਚ ਪੰਜਾਬ ਦੇ ਉਤਾਰ-ਚੜ੍ਹਾਅ ਦੇਖੇ ਹਨ, ਪਰ ਸਾਡੇ ਨਾਲ ਕੋਈ ਸਲਾਹ-ਮਸ਼ਵਰਾ ਤੱਕ ਨਹੀਂ ਕੀਤਾ ਜਾਂਦਾ। ਇਸ ਲਈ ਪਾਰਟੀ ਨੂੰ ਆਪਣੇ ਵਿਚਾਰਾਂ ਅਤੇ ਭਾਵਨਾਵਾਂ ਤੋਂ ਜਾਣੂ ਕਰਵਾਉਣਾ ਮੇਰਾ ਫ਼ਰਜ਼ ਬਣਦਾ ਹੈ।

ਜ਼ਿਕਰਯੋਗ ਹੈ ਕਿ ਕੈਪਟਨ ਅਮਰਿੰਦਰ ਸਿੰਘ ਪੰਜਾਬ ਵਿੱਚ ਚੋਣਾਂ ਜਿੱਤਣ ਲਈ ਭਾਜਪਾ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਦੋਬਾਰਾ ਗਠਜੋੜ ਕਰਨ ਦੀ ਲਗਾਤਾਰ ਵਕਾਲਤ ਕਰਦੇ ਆ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੇ ਕਦੇ ਇਹ ਨਹੀਂ ਕਿਹਾ ਕਿ ਉਹ ਕਾਂਗਰਸ ਜਾਂ ਭਾਜਪਾ ਵਿੱਚ ਨੋਨ-ਰੇਲੇਵੈਂਟ ਹੋ ਗਏ ਹਨ। ਉਨ੍ਹਾਂ ਕਿਹਾ, ਸਿਆਸੀ ਪਾਰਟੀਆਂ ਬਦਲਦੀਆਂ ਰਹਿੰਦੀਆਂ ਹਨ। ਜਦੋਂ ਮੈਂ ਕਾਂਗਰਸ ਵਿੱਚ ਸੀ, ਉਦੋਂ ਵੀ 'ਅਪਰੇਸ਼ਨ ਬਲੂ ਸਟਾਰ' ਤੋਂ ਬਾਅਦ ਅਕਾਲੀ ਦਲ ਵਿੱਚ ਗਿਆ ਸੀ ਅਤੇ ਬਾਅਦ ਵਿੱਚ ਮੁੜ ਕਾਂਗਰਸ ਵਿੱਚ ਵਾਪਸ ਆਇਆ। ਪਰ ਇਸ ਦਾ ਇਹ ਮਤਲਬ ਬਿਲਕੁਲ ਨਹੀਂ ਹੈ ਕਿ ਮੈਂ ਹੁਣ ਭਾਜਪਾ ਛੱਡ ਕੇ ਕਿਸੇ ਹੋਰ ਪਾਰਟੀ ਵਿੱਚ ਜਾ ਰਿਹਾ ਹਾਂ।

## ਏ ਐੱਸ ਆਈ ਜਸਵੰਤ ਸਿੰਘ ਨੂੰ ਗੋਲੀ ਮਾਰਨ ਵਾਲਾ ਪੁਲਿਸ ਮੁਕਾਬਲੇ 'ਚ ਹਲਾਕ

**ਚੇਤਨਪੁਰਾ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਥਾਣਾ ਝੰਡੇਰ ਅਧੀਨ ਆਉਂਦੇ ਪਿੰਡ ਕੰਦੋਵਾਲੀ ਨੇੜੇ ਏ.ਐੱਸ.ਆਈ. ਜਸਵੰਤ ਸਿੰਘ 'ਤੇ ਗੋਲੀ ਚਲਾਉਣ ਵਾਲੇ ਕਰਨਬੀਰ ਸਿੰਘ ਉਰਫ਼ ਕਰਮਵੀਰ ਦਾ ਪੁਲੀਸ ਵੱਲੋਂ ਐਨਕਾਊਂਟਰ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ।

ਪੁਲੀਸ ਮੁਤਾਬਕ ਉਕਤ ਮੁਲਜ਼ਮ ਬੀਤੇ ਦਿਨ ਪੁਲੀਸ ਹਿਰਾਸਤ ਵਿੱਚੋਂ ਫ਼ਰਾਰ ਹੋ ਗਿਆ ਸੀ ਅਤੇ ਕਿਸੇ ਹੋਰ ਵਾਰਦਾਤ ਨੂੰ ਅੰਜਾਮ ਦੇਣ ਦੀ ਫ਼ਿਰਾਕ ਵਿੱਚ ਘੁੰਮ ਰਿਹਾ ਸੀ।

ਪ੍ਰਾਪਤ ਜਾਣਕਾਰੀ ਅਨੁਸਾਰ ਪੁਲੀਸ ਨੂੰ ਮੁਲਜ਼ਮ ਦੀ ਕੰਦੋਵਾਲੀ ਨੇੜੇ ਮੌਜੂਦਗੀ ਸਬੰਧੀ ਸੂਚਨਾ ਮਿਲੀ ਸੀ, ਜਿਸ ਉਪਰੰਤ ਪੁਲੀਸ ਟੀਮ ਨੇ ਉਸ ਨੂੰ ਕਾਬੂ ਕਰਨ ਲਈ ਘੇਰਾਬੰਦੀ ਕਰ ਲਈ। ਪੁਲੀਸ ਅਨੁਸਾਰ ਜਦੋਂ ਟੀਮ ਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਪੁਲੀਸ ਪਾਰਟੀ 'ਤੇ ਗੋਲੀ ਚਲਾ ਦਿੱਤੀ, ਜਿਸ ਕਾਰਨ ਇੱਕ ਪੁਲੀਸ ਕਰਮਚਾਰੀ ਜ਼ਖ਼ਮੀ ਹੋ ਗਿਆ। ਪੁਲੀਸ ਵੱਲੋਂ ਕੀਤੀ ਗਈ ਜਵਾਬੀ ਕਾਰਵਾਈ ਦੌਰਾਨ ਗੋਲੀ ਲੱਗਣ ਨਾਲ ਗੰਭੀਰ ਜ਼ਖ਼ਮੀ ਹੋ ਗਿਆ। ਬਾਅਦ ਵਿੱਚ ਉਸ ਦੀ ਮੌਤ ਹੋਣ ਦੀ ਸੂਚਨਾ ਹੈ। ਘਟਨਾ ਤੋਂ ਬਾਅਦ ਪੁਲੀਸ ਵੱਲੋਂ ਇਲਾਕੇ ਨੂੰ ਘੇਰ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪੰਜਾਬ ਵਿਚ ਹੋਰ ਵੀ ਗੰਭੀਰ ਅਤੇ ਵਿਕਰਾਲ ਹੋ ਗਈ ਹੈ ਨਸ਼ੇ ਦੀ ਸਮੱਸਿਆ : ਪੁਸ਼ਕਰ ਸਿੰਘ ਧਾਮੀ

**ਦਸੂਹਾ (ਹੁਸ਼ਿਆਰਪੁਰ), 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਹੁਸ਼ਿਆਰਪੁਰ ਦੇ ਦਸੂਹਾ ਸਥਿਤ ਨਿੱਜੀ ਸਕੂਲ ਵਿਖੇ ਇਕ ਜਨਤਕ ਰੈਲੀ ਵਿਚ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਕਿਹਾ, ...ਸਾਨੂੰ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਦੇ ਟੁੱਟੇ ਹੋਏ ਵਾਅਦਿਆਂ ਨੂੰ ਜਨਤਕ ਕਰਨ ਦੀ ਲੋੜ ਹੈ; ਉਨ੍ਹਾਂ ਨੇ ਸਿਰਫ਼ ਸੱਤਾ ਹਾਸਲ ਕਰਨ ਲਈ ਵੱਡੇ-ਵੱਡੇ ਵਾਅਦੇ ਕੀਤੇ, ਸੁਨਹਿਰੀ ਤਸਵੀਰਾਂ ਪੇਸ਼ ਕੀਤੀਆਂ, ਨਸ਼ਾ-ਮੁਕਤ ਪੰਜਾਬ ਦਾ ਭਰੋਸਾ ਦਿੱਤਾ ਅਤੇ ਨੌਜਵਾਨਾਂ ਲਈ ਉੱਜਵਲ ਭਵਿੱਖ ਦਾ ਵਾਅਦਾ ਕੀਤਾ। ਪਰ, ਕੋਈ ਅਸਲ ਕੰਮ ਕਰਨ ਦੀ ਬਜਾਏ, ਉਨ੍ਹਾਂ ਨੇ ਸਿਰਫ਼ ਪੰਜਾਬ ਨੂੰ ਲੁੱਟਿਆ। ਉਨ੍ਹਾਂ ਨੇ ਲੋਕਾਂ ਦੀ ਮਿਹਨਤ ਦੀ ਕਮਾਈ ਇਸ਼ਤਿਹਾਰਾਂ ਅਤੇ ਆਪਣੀ ਮਸ਼ਹੂਰੀ 'ਤੇ ਬਰਬਾਦ ਕਰ



ਦਿੱਤੀ... ਚੋਣਾਂ ਤੋਂ ਪਹਿਲਾਂ, ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਸੂਬੇ ਨੂੰ ਨਸ਼ਾ-ਮੁਕਤ ਕਰ ਦੇਣਗੇ। ਹੁਣ, ਲਗਭਗ ਪੰਜ ਸਾਲ ਬੀਤ ਚੁੱਕੇ ਹਨ, ਅਤੇ ਪੰਜਾਬ ਵਿਚ ਨਸ਼ੇ ਦੀ ਸਮੱਸਿਆ ਹੋਰ ਵੀ ਗੰਭੀਰ ਅਤੇ ਵਿਕਰਾਲ ਹੋ ਗਈ ਹੈ। ਅਤੇ ਜਦੋਂ ਕਾਰਵਾਈ ਕਰਨ ਦੀ ਗੱਲ ਆਉਂਦੀ ਹੈ, ਤਾਂ ਸਿਰਫ਼ ਛੋਟੇ-ਮੋਟੇ ਲੋਕਾਂ 'ਤੇ ਹੀ ਕਾਰਵਾਈ ਕੀਤੀ ਜਾਂਦੀ ਹੈ - ਜੋ ਕਿ ਸਿਰਫ਼ ਖਾਨਾਪੂਰਤੀ ਹੁੰਦੀ ਹੈ - ਜਦਕਿ ਇਸ ਨੈੱਟਵਰਕ ਨੂੰ ਚਲਾਉਣ ਵਾਲੇ 'ਵੱਡੇ ਮਗਰਮੱਛ' (ਮੁੱਖ ਦੋਸ਼ੀ) ਬਚੇ ਰਹਿੰਦੇ ਹਨ।

ਇਹ ਤੁਹਾਡੀ ਸਰਕਾਰ ਦੇ ਇਰਾਦਿਆਂ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ: ਆਖਰ ਇੰਨਾ ਸਮਾਂ ਬੀਤ ਜਾਣ ਦੇ ਬਾਵਜੂਦ, ਇਸ ਪੂਰੇ ਨੈੱਟਵਰਕ ਦੀ ਜੜ੍ਹ ਤੱਕ ਪਹੁੰਚ ਕੇ ਇਸ ਨੂੰ ਖ਼ਤਮ ਕਿਉਂ ਨਹੀਂ ਕੀਤਾ ਗਿਆ? ਇਹ ਸਵਾਲ ਸਿਰਫ਼ ਮੇਰਾ ਨਹੀਂ ਹੈ, ਅਤੇ ਨਾ ਹੀ ਇਹ ਇੱਥੇ ਬੈਠੇ ਲੋਕਾਂ ਤੱਕ ਸੀਮਤ ਹੈ; ਇਹ ਇਕ ਅਜਿਹਾ ਸਵਾਲ ਹੈ ਜੋ ਹਰ ਕਿਸੇ ਨਾਲ ਜੁੜਿਆ ਹੋਇਆ ਹੈ।




ਬੱਚੇ ਦਾ ਨਾਮ: ਨਛੱਤਰ ਸਿੰਘ ਗਿੱਲ
ਪਿਤਾ: ਅਮ੍ਰਿਤਪਾਲ ਸਿੰਘ
ਮਾਤਾ: ਪਰਮਜੀਤ ਕੌਰ
ਪਿੰਡ: ਬਰੀਵਾਲ, ਸ੍ਰੀ ਮੁਕਤਸਰ ਸਾਹਿਬ

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਾਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

# ਹੋਵੇ ਸਮਰੱਥ ਪਾਵੇ ਮਾਣ, ਰਹੇ ਖ਼ੁਸ਼ਹਾਲ ਸਦਾ ਕਿਸਾਨ

ਭਾਰਤ ਦੀ ਖੇਤੀ ਸਿਰਫ਼ ਇੱਕ ਆਰਥਿਕ ਗਤੀਵਿਧੀ ਨਹੀਂ, ਸਗੋਂ ਕਰੋੜਾਂ ਪਰਿਵਾਰਾਂ ਦੀ ਰੋਜ਼ੀ-ਰੋਟੀ, ਪਿੰਡਾਂ ਦੀ ਅਰਥਵਿਵਸਥਾ ਅਤੇ ਦੇਸ਼ ਦੀ ਖ਼ੁਰਾਕ ਸੁਰੱਖਿਆ ਦਾ ਆਧਾਰ ਹੈ। ਪਰ ਅੱਜ ਕਿਸਾਨ ਜਿਸ ਸੰਕਟ ਵਿਚੋਂ ਲੰਘ ਰਿਹਾ ਹੈ, ਉਸ ਦੀ ਜੜ੍ਹ ਸਿਰਫ਼ ਘੱਟ ਫ਼ਸਲੀ ਕੀਮਤ ਜਾਂ ਕਰਜ਼ੇ ਵਿੱਚ ਨਹੀਂ। ਇਹ ਸੰਕਟ ਵਧਦੀਆਂ ਲਾਗਤਾਂ, ਛੋਟੀਆਂ ਖੇਤਿਆਂ , ਕੁਦਰਤੀ ਸਰੋਤਾਂ ਦੇ ਖ਼ਤਮ ਹੋਣ, ਬਾਜ਼ਾਰ ਦੀ ਅਨਿਸ਼ਚਿਤਤਾ, ਕਰਜ਼ੇ ਅਤੇ ਸਮਾਜਿਕ-ਮਾਨਸਿਕ ਦਬਾਅ ਦਾ ਸਾਂਝਾ ਨਤੀਜਾ ਹੈ। ਭਾਰਤ ਦੇ 77ਵੇਂ ਰਾਸ਼ਟਰੀ ਨਮੂਨਾ ਸਰਵੇਖਣ ਅਨੁਸਾਰ 2018-19 ਵਿੱਚ ਇੱਕ ਖੇਤੀਬਾੜੀ ਪਰਿਵਾਰ ਦੀ ਔਸਤ ਮਹੀਨਾਵਾਰ ਆਮਦਨ ?10,218 ਸੀ। ਇਸ ਵਿੱਚ ਸਿਰਫ਼ ਫ਼ਸਲ ਦੀ ਆਮਦਨ ਨਹੀਂ, ਬਲਕਿ ਮਜ਼ਦੂਰੀ, ਪਸ਼ੂਪਾਲਣ, ਗੈਰ-ਖੇਤੀ ਕਾਰੋਬਾਰ ਅਤੇ ਜ਼ਮੀਨ ਕਿਰਾਏ ਦੀ ਆਮਦਨ ਵੀ ਸ਼ਾਮਲ ਸੀ। ਇਸੇ ਸਰਵੇਖਣ ਵਿੱਚ 50.2% ਖੇਤੀਬਾੜੀ ਪਰਿਵਾਰ ਕਰਜ਼ੇ ਹੇਠ ਮਿਲੇ ਅਤੇ ਪ੍ਰਤੀ ਕਰਜ਼ਦਾਰ ਖੇਤੀਬਾੜੀ ਪਰਿਵਾਰ ਔਸਤ ਬਕਾਇਆ ਕਰਜ਼ਾ 74,121 ਸੀ। ਮੁੱਦਾ ਹੈ ਕਿ ਜਿਸ ਵਿਅਕਤੀ ਨੂੰ ਆਪਣੀ ਪੈਦਾਵਾਰ ਲਾਗਤ, ਮੌਸਮ, ਕੀੜਿਆਂ ਅਤੇ ਬਾਜ਼ਾਰ ਚਾਰਾਂ ਖ਼ਦਸ਼ਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉਸ ਦੀ ਆਮਦਨ ਕਿੰਨੀ ਸਥਿਰ ਹੋ ਸਕਦੀ ਹੈ ? ਛੋਟੀਆਂ ਅਤੇ ਟੁੱਟਵੀਆਂ ਖੇਤਿਆਂ ਇਸ ਸਮੱਸਿਆ ਨੂੰ ਹੋਰ ਗੰਭੀਰ ਕਰਦੀਆਂ ਹਨ। ਖੇਤੀ ਜਨਗਣਨਾ ਵਿੱਚ ਇੱਕ ਹੈਕਟੇਅਰ ਤੋਂ ਘੱਟ ਜੋਤ ਨੂੰ ਸੀਮਾਂਤ ਅਤੇ 1-2 ਹੈਕਟੇਅਰ ਨੂੰ ਛੋਟੀ ਜੋਤ ਮੰਨਿਆ ਜਾਂਦਾ ਹੈ।

ਦੂਜਾ ਵੱਡਾ ਸੰਕਟ ਮਿੱਟੀ ਅਤੇ ਪਾਣੀ ਦਾ ਹੈ। ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਲੋੜ ਤੋਂ ਵੱਧ ਜਾਂ ਬੇ - ਮਿਆਨੀ ਵਰਤੋਂ, ਇਕੋ-ਫ਼ਸਲੀ ਪ੍ਰਣਾਲੀ ਅਤੇ ਜੈਵਿਕ ਪਦਾਰਥ ਦੀ ਘਾਟ ਮਿੱਟੀ ਦੀ ਲੰਬੇ ਸਮੇਂ ਦੀ ਉਤਪਾਦਕ ਸਮਰੱਥਾ ਨੂੰ ਪ੍ਰਭਾਵਿਤ ਕਰ ਸਕਦੀ ਹੈ। ਪੰਜਾਬ ਇਸ ਦਾ ਗੰਭੀਰ ਉਦਾਹਰਨ ਹੈ। ਕੇਂਦਰੀ ਭੂ-ਜਲ ਬੋਰਡ ਦੀ 2024 ਦੀ ਰਿਪੋਰਟ ਅਨੁਸਾਰ ਪੰਜਾਬ ਵਿੱਚ ਸਾਲਾਨਾ ਨਿਕਾਸਯੋਗ ਭੂ-ਜਲ ਸਰੋਤ 17.63 ਬਿਲੀਅਨ ਘਣ ਮੀਟਰ ਦੇ ਮੁਕਾਬਲੇ ਸਾਲਾਨਾ ਨਿਕਾਸ 27.66 ਬਿਲੀਅਨ ਘਣ ਮੀਟਰ ਸੀ—ਅਰਥਾਤ ਭੂ-ਜਲ ਨਿਕਾਸ ਦਾ ਪੱਧਰ 156.87%। 153 ਮੁਲਾਂਕਣ ਇਕਾਈਆਂ ਵਿੱਚੋਂ 115, ਜਾਂ 75.16%, 'ਓਵਰ-ਐਕਸਪਲੌਇਟਿਡ' ਸ਼੍ਰੇਣੀ ਵਿੱਚ ਸਨ। ਇਸ ਦਾ ਮਤਲਬ ਹੈ ਕਿ ਅਸੀਂ ਅੱਜ ਦੀ ਪੈਦਾਵਾਰ ਲਈ ਕੱਲ੍ਹ ਦਾ ਪਾਣੀ ਖਰਚ ਰਹੇ ਹਾਂ। ਜੇ ਖੇਤੀ ਪ੍ਰਣਾਲੀ ਕਿਸਾਨ ਦੀ ਆਮਦਨ ਦੇ ਨਾਲ ਮਿੱਟੀ ਦੀ ਸਿਹਤ ਅਤੇ ਪਾਣੀ ਦੀ ਸਥਿਰਤਾ ਵੀ ਨਹੀਂ ਬਚਾਉਂਦੀ ਤਾਂ ਇਹ ਮਾਡਲ ਲੰਬੇ ਸਮੇਂ ਵਿੱਚ ਕਿਸਾਨ ਅਤੇ ਸਮਾਜ—ਦੋਵਾਂ ਲਈ ਮਹਿੰਗਾ ਸਾਬਤ ਹੋਵੇਗਾ।

ਸਭ ਤੋਂ ਦਰਦਨਾਕ ਪੱਖ ਮਾਨਸਿਕ ਸਿਹਤ ਹੈ। ਐਨ.ਸੀ.ਆਰ.ਬੀ ਦੇ 2023 ਦੇ ਅੰਕੜਿਆਂ ਅਨੁਸਾਰ ਭਾਰਤ ਵਿੱਚ ਖੇਤੀਬਾੜੀ ਖੇਤਰ ਨਾਲ ਜੁੜੇ 10,786 ਲੋਕਾਂ ਨੇ ਖੁਦਕੁਸ਼ੀ ਕੀਤੀ 4,690 ਕਿਸਾਨ/ਕਾਸ਼ਤਕਾਰ ਅਤੇ 6,096 ਖੇਤੀ ਮਜ਼ਦੂਰ। ਇਹ ਕੁੱਲ ਖੁਦਕੁਸ਼ੀਆਂ ਦਾ 6.3% ਸੀ। ਇਹ ਅੰਕੜੇ ਸਿਰਫ਼ ਗਿਣਤੀ ਨਹੀਂ; ਇਹ ਕਰਜ਼ੇ, ਫ਼ਸਲ ਦੇ ਨੁਕਸਾਨ, ਆਮਦਨ ਦੀ ਅਨਿਸ਼ਚਿਤਤਾ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਭਵਿੱਖ ਬਾਰੇ ਡਰ ਦੇ ਮਿਲੇ-ਜੁਲੇ ਦਬਾਅ ਵੱਲ ਇਸ਼ਾਰਾ ਕਰਦੇ ਹਨ। ਹਾਲਾਂਕਿ ਖੁਦਕੁਸ਼ੀ ਦਾ ਕੋਈ ਇੱਕ ਕਾਰਨ ਨਹੀਂ ਹੁੰਦਾ ਅਤੇ ਐਨ.ਸੀ.ਆਰ.ਬੀ ਦੇ ਵਰਗੀਕਰਨ ਨੂੰ ਖੇਤੀ ਸੰਕਟ ਦਾ ਪੂਰਾ ਮਾਪਦੰਡ ਨਹੀਂ ਮੰਨਿਆ ਜਾ ਸਕਦਾ।

ਇਸ ਲਈ ਹੱਲ ਵੀ ਇੱਕੋ ਯੋਜਨਾ ਨਾਲ ਨਹੀਂ ਨਿਕਲੇਗਾ। ਨਿਆਂਸੰਗਤ ਅਤੇ ਪਾਰਦਰਸ਼ੀ ਫ਼ਸਲੀ ਕੀਮਤ, ਲਾਗਤ-ਅਧਾਰਿਤ ਆਮਦਨ ਸੁਰੱਖਿਆ, ਸਸਤਾ ਸੰਸਥਾਗਤ ਕਰਜ਼ਾ, ਪ੍ਰਭਾਵਸ਼ਾਲੀ ਫ਼ਸਲ ਬੀਮਾ, ਪਾਣੀ-ਬਚਾਉ ਖੇਤੀ, ਮਿੱਟੀ ਦੀ ਸਿਹਤ, ਫ਼ਸਲੀ ਵਿਭਿੰਨਤਾ, ਸਟੋਰੇਜ ਅਤੇ ਪ੍ਰੋਸੈਸਿੰਗ ਦੀ ਸਹੂਲਤ ਅਤੇ ਪਿੰਡ ਪੱਧਰ 'ਤੇ ਮਾਨਸਿਕ ਸਿਹਤ ਸੇਵਾਵਾਂ ਨੂੰ ਇੱਕੋ ਨੀਤੀ-ਢਾਂਚੇ ਦਾ ਹਿੱਸਾ ਬਣਾਉਣਾ ਪਵੇਗਾ। ਕਿਸਾਨ ਨੂੰ ਸਿਰਫ਼ 'ਅੰਨਦਾਤਾ' ਕਹਿ ਦੇਣਾ ਕਾਫ਼ੀ ਨਹੀਂ। ਉਸ ਨੂੰ ਆਪਣੀ ਪੈਦਾਵਾਰ ਦੀ ਇਜ਼ਤਯੋਗ ਕੀਮਤ, ਕੁਦਰਤੀ ਸਰੋਤਾਂ ਦੀ ਸੁਰੱਖਿਆ, ਵਿੱਤੀ ਸੁਰੱਖਿਆ ਅਤੇ ਸੰਕਟ ਦੇ ਸਮੇਂ ਮਨੁੱਖੀ ਸਹਾਰਾ ਵੀ ਮਿਲਣਾ ਚਾਹੀਦਾ ਹੈ। ਖੇਤੀ ਦੀ ਅਸਲ ਤਰੱਕੀ ਕੇਵਲ ਇਹ ਨਹੀਂ ਕਿ ਖੇਤ ਵਿੱਚ ਕਿੰਨੇ ਕੁਇੰਟਲ ਅਨਾਜ ਪੈਦਾ ਹੋਇਆ; ਅਸਲ ਮਾਪ ਇਹ ਹੈ ਕਿ ਕਿਸਾਨ ਨੇ ਉਸ ਪੈਦਾਵਾਰ ਤੋਂ ਕਿੰਨੀ ਟਿਕਾਊ ਆਮਦਨ ਕਮਾਈ, ਮਿੱਟੀ ਨੇ ਕੀ ਗੁਆਇਆ, ਪਾਣੀ ਕਿੰਨਾ ਬਚਿਆ ਅਤੇ ਕਿਸਾਨ ਦਾ ਪਰਿਵਾਰ ਕਿੰਨੀ ਸੁਰੱਖਿਅਤ ਜ਼ਿੰਦਗੀ ਜੀ ਸਕਿਆ। ਜੇ ਅਸੀਂ ਇਸ ਮੂਲ ਸੱਚ ਨੂੰ ਨਹੀਂ ਸਮਝਦੇ ਤਾਂ ਖੇਤੀ ਸੰਕਟ ਸਿਰਫ਼ ਕਿਸਾਨ ਦਾ ਸੰਕਟ ਨਹੀਂ ਰਹੇਗਾ—ਇਹ ਆਉਣ ਵਾਲੀਆਂ ਪੀੜ੍ਹੀਆਂ ਦੀ ਖ਼ੁਰਾਕ, ਪਾਣੀ, ਵਾਤਾਵਰਣ ਅਤੇ ਪਿੰਡੂ ਅਰਥਵਿਵਸਥਾ ਦਾ ਸੰਕਟ ਬਣ ਜਾਵੇਗਾ।

**-ਪੀਤਾਂਬਰ ਸ਼ਰਮਾ**

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਾਂਝਾਂ ਵੀ ਹੁਣ ਨਫ਼ੇ ਦੇ ਭੌਣ , ਨਹੀਂ ਤਾਂ ਤੂੰ ਕੌਣ ਤੇ ਮੈਂ ਕੌਣ ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਪਿਆਰ, ਮੁਹੱਬਤ, ਇਸ਼ਕ, ਨੌਕਰੀ, ਰਿਸ਼ਤੇ, ਅਹਿਸਾਸ, ਸਹਾਇਤਾ, ਦੁਸ਼ਮਣੀ, ਦੋਸਤੀ, ਮੋਹ, ਗੁੱਸਾ, ਹਾਦਸਾ, ਇਤਫ਼ਾਕ, ਕਿਸਮਤ ਅਤੇ ਤਦਬੀਰ—ਜ਼ਿੰਦਗੀ ਦੇ ਇਹ ਸਾਰੇ ਸ਼ਬਦ ਕਦੇ ਮਨੁੱਖੀ ਜਜ਼ਬਾਤਾਂ, ਸਾਂਝ ਅਤੇ ਰਿਸ਼ਤਿਆਂ ਦੀ ਗਰਮੀ ਨਾਲ ਜੁੜੇ ਹੋਏ ਸਨ। ਪਰ ਅੱਜ ਇਨ੍ਹਾਂ ਵਿੱਚੋਂ ਬਹੁਤ ਸਾਰੇ ਅਨੁਭਵਾਂ ਨੂੰ ਵੀ ਮਨੁੱਖ ਲਾਭ, ਨੁਕਸਾਨ, ਲੋੜ, ਮੌਕਾ ਅਤੇ ਵਾਪਸੀ ਦੇ ਹਿਸਾਬ ਨਾਲ ਵਰਤਣ ਲੱਗ ਪਿਆ ਹੈ। ਕੀ ਮਨੁੱਖੀ ਜੀਵਨ ਹੌਲੀ-ਹੌਲੀ ਇੱਕ ਅਜਿਹੇ ਬਾਜ਼ਾਰ ਵਿੱਚ ਬਦਲ ਰਿਹਾ ਹੈ, ਜਿੱਥੇ ਹਰ ਰਿਸ਼ਤੇ ਦੀ ਕੋਈ ਕੀਮਤ ਅਤੇ ਹਰ ਅਹਿਸਾਸ ਦੀ ਕੋਈ ਵਪਾਰਕ ਮੁੱਲ ਹੈ ?

ਰਿਸ਼ਤਾ ਆਪਣੇ ਮੂਲ ਰੂਪ ਵਿੱਚ ਲੈਣ-ਦੇਣ ਨਹੀਂ ਹੁੰਦਾ। ਮਾਂ ਦਾ ਪਿਆਰ ਇਸ ਲਈ ਨਹੀਂ ਹੁੰਦਾ ਕਿ ਬੱਚਾ ਬਦਲੇ ਵਿੱਚ ਕੁਝ ਦੇਵੇਗਾ। ਦੋਸਤੀ ਦਾ ਮਤਲਬ ਇਹ ਨਹੀਂ ਕਿ ਦੋਸਤ ਹਰ ਮੁਸ਼ਕਲ ਵੇਲੇ ਕੋਈ ਲਾਭ ਦੇਵੇਗਾ। ਪਿਆਰ ਦਾ ਅਰਥ ਇਹ ਨਹੀਂ ਕਿ ਸਾਹਮਣੇ ਵਾਲਾ ਸਾਡੀਆਂ ਸਾਰੀਆਂ ਇੱਛਾਵਾਂ ਪੂਰੀਆਂ ਕਰੇਗਾ।

ਪਰ ਆਧੁਨਿਕ ਜੀਵਨ ਵਿੱਚ ਇੱਕ ਨਵੀਂ ਸੋਚ ਮਜ਼ਬੂਤ ਹੋ ਰਹੀ ਹੈ— ਇਹ ਰਿਸ਼ਤਿਆਂ ਦਾ ਨੈੱਟਵਰਕ ਮੇਰੇ ਲਈ ਕਿਵੇਂ ਉਪਯੋਗੀ ਬਣ ਸਕਦਾ ਹੈ ?

ਇਹ ਪ੍ਰਸ਼ਨ ਜਦੋਂ ਹਰ ਰਿਸ਼ਤੇ ਦਾ ਕੇਂਦਰ ਬਣ ਜਾਂਦਾ ਹੈ ਤਾਂ ਰਿਸ਼ਤਾ ਹੌਲੀ-ਹੌਲੀ ਸਾਂਝ ਤੋਂ ਸੌਦੇ ਵਿੱਚ ਬਦਲ ਜਾਂਦਾ ਹੈ।

ਅੱਜ ਕਈ ਵਾਰ ਦੋਸਤੀ ਇਸ ਗੱਲ ਨਾਲ ਮਾਪੀ ਜਾਂਦੀ ਹੈ ਕਿ ਦੋਸਤ ਕਿੰਨਾ ਪ੍ਰਭਾਵਸ਼ਾਲੀ ਹੈ। ਜਾਣ-ਪਛਾਣ ਇਸ ਗੱਲ ਨਾਲ ਕਿ ਉਸ ਤੋਂ ਕਿਹੜਾ ਕੰਮ ਨਿਕਲ ਸਕਦਾ ਹੈ। ਵਿਆਹ ਵਿੱਚ ਵੀ ਅਕਸਰ ਜਾਤ ਪਾਤ ਤੋ ਹਟ ਕੇ ਜਾਂ ਸਮਾਜ ਵਿੱਚ ਪਿਆਰ ਤੋਂ ਪਹਿਲਾਂ ਆਮਦਨ, ਜਾਇਦਾਦ, ਸਮਾਜਕ ਹੈਸੀਅਤ ਅਤੇ ਭਵਿੱਖੀ ਲਾਭ ਦੀ ਗਿਣਤੀ ਹੋਣ ਲੱਗਦੀ ਹੈ। ਨੌਕਰੀ ਵਿੱਚ ਯੋਗਤਾ ਦੇ ਨਾਲ-ਨਾਲ ਨੈੱਟਵਰਕ ਦੀ ਕੀਮਤ ਵਧਦੀ ਹੈ।

ਪਿਆਰ ਮਨੁੱਖੀ ਸਭਿਆਚਾਰ ਦੀ ਸਭ ਤੋਂ ਪੁਰਾਣੀ ਭਾਵਨਾ ਹੈ। ਪਰ ਡਿਜ਼ੀਟਲ ਯੁੱਗ ਨੇ ਪਿਆਰ ਨੂੰ ਵੀ ਬਾਜ਼ਾਰ ਦੀ ਭਾਸ਼ਾ ਨਾਲ ਜੋੜ ਦਿੱਤਾ ਹੈ।

ਡੇਟਿੰਗ ਐਪਾਂ, ਸੋਸ਼ਲ ਮੀਡੀਆ, ਵਿਗਿਆਪਨ, ਨਿੱਜੀ ਬ੍ਰਾਂਡਿੰਗ ਅਤੇ ਦਿੱਖ-ਕੇਂਦਰਿਤ ਸੱਭਿਆਚਾਰ ਨੇ ਮਨੁੱਖੀ ਆਕਰਸ਼ਣ ਨੂੰ ਕਈ ਵਾਰ ਇੱਕ ਪ੍ਰੋਫ਼ਾਈਲ ਵਿੱਚ ਬਦਲ ਦਿੱਤਾ ਹੈ। ਵਿਅਕਤੀ ਨੂੰ ਉਸਦੀ ਪੂਰੀ ਸ਼ਖ਼ਸੀਅਤ ਨਾਲ ਜਾਣਨ ਦੀ ਥਾਂ ਉਸ ਦੀਆਂ ਤਸਵੀਰਾਂ, ਪੇਸ਼ੇ, ਆਮਦਨ, ਰਹਿਣ-ਸਹਿਣ ਅਤੇ ਸਮਾਜਕ ਦਰਜੇ ਰਾਹੀਂ ਤੋਲਿਆ ਜਾਂਦਾ ਹੈ। ਇਸ ਨਾਲ ਪਿਆਰ ਖ਼ਤਮ ਨਹੀਂ ਹੋਇਆ, ਪਰ ਪਿਆਰ ਦੇ ਆਲੇ-ਦੁਆਲੇ ਵਪਾਰਿਕ ਮਾਪਦੰਡ ਜ਼ਰੂਰ ਵਧੇ ਹਨ।

ਇਸ ਦਾ ਇੱਕ ਉਲਟ ਪੱਖ ਵੀ ਹੈ। ਆਧੁਨਿਕ ਤਕਨਾਲੋਜੀ ਨੇ ਇਕੱਲੇ ਮਨੁੱਖ ਨੂੰ ਸੰਪਰਕ ਦੇ ਨਵੇਂ ਮੌਕੇ ਵੀ ਦਿੱਤੇ ਹਨ। 2026 ਦੀ ਇੱਕ ਮਨੋਵਿਗਿਆਨਕ ਖੋਜ ਨੇ ਇਹ ਵੀ ਜਾਂਚਿਆ ਹੈ ਕਿ ਭੁਗਤਾਨ-ਆਧਾਰਿਤ ਸਾਥ ਦੇਣ ਵਾਲੀਆਂ ਸੇਵਾਵਾਂ ਕੁਝ ਹਾਲਾਤਾਂ ਵਿੱਚ ਇਕੱਲੇਪਣ ਨੂੰ ਘਟਾਉਣ ਲਈ ਸਮਾਜਕ ਜੁੜਾਅ ਦਾ ਅਨੁਭਵ ਦੇ ਸਕਦੀਆਂ ਹਨ। ਇਸ ਤੋਂ ਪਤਾ ਲੱਗਦਾ ਹੈ ਕਿ ਬਾਜ਼ਾਰ ਅਤੇ ਮਨੁੱਖੀ ਜਜ਼ਬਾਤਾਂ ਦਾ ਸੰਬੰਧ ਸਿੱਧਾ ਕਾਲਾ-ਚਿੱਟਾ ਨਹੀਂ ਹੈ।

ਪੁਰਾਣੀ ਦੋਸਤੀ ਵਿੱਚ ਇੱਕ ਦੋਸਤ ਦੂਜੇ ਦੇ ਦੁੱਖ ਵਿੱਚ ਖੜ੍ਹਾ ਹੁੰਦਾ ਸੀ. ਅੱਜ ਨੈੱਟਵਰਕਿੰਗ ਇੱਕ ਪੇਸ਼ੇਵਰ ਹੁਨਰ ਬਣ ਚੁੱਕੀ ਹੈ। ਸੰਪਰਕ ਬਣਾਉਣਾ ਆਪਣੇ ਆਪ ਵਿੱਚ ਆਰਥਿਕ ਪੂੰਜੀ ਬਣ ਗਿਆ ਹੈ। ਕਿਸੇ ਵਿਅਕਤੀ ਦੀ ਜਾਣ-ਪਛਾਣ ਕਈ ਵਾਰ ਉਸਦੀ ਯੋਗਤਾ ਜਿੰਨੀ ਮਹੱਤਵਪੂਰਨ ਮੰਨੀ ਜਾਂਦੀ ਹੈ।

ਇੱਥੇ ਇੱਕ ਬਰੀਕ ਫ਼ਰਕ ਸਮਝਣਾ ਜ਼ਰੂਰੀ ਹੈ ਕਿ ਨੈੱਟਵਰਕ ਮਾੜਾ ਨਹੀਂ ਪਰ ਜੇ ਹਰ ਦੋਸਤੀ ਨੂੰ ਨੈੱਟਵਰਕ ਸਮਝਿਆ ਜਾਵੇ ਤਾਂ ਦੋਸਤੀ ਦੀ ਰੂਹ ਕਮਜ਼ੋਰ ਹੋ ਜਾਂਦੀ ਹੈ।

ਮਨੁੱਖੀ ਰਿਸ਼ਤੇ ਸਿਰਫ਼ ਇਸ ਲਈ ਮਹੱਤਵਪੂਰਨ ਨਹੀਂ ਕਿ ਉਹ ਸਾਨੂੰ ਕੁਝ ਦਿੰਦੇ ਹਨ। ਉਹ ਇਸ ਲਈ ਵੀ ਮਹੱਤਵਪੂਰਨ ਹਨ ਕਿ ਉਹ ਸਾਨੂੰ ਇਹ ਅਹਿਸਾਸ ਦਿੰਦੇ ਹਨ ਕਿ ਅਸੀਂ ਇਕੱਲੇ ਨਹੀਂ ਹਾਂ। ਸਭ ਤੋਂ ਵੱਡਾ ਬਦਲਾਅ ਸ਼ਾਇਦ ਸਹਾਇਤਾ ਦੇ ਅਰਥ ਵਿੱਚ ਆਇਆ ਹੈ।

ਕਦੇ ਕਿਸੇ ਦੀ ਮਦਦ ਕਰਨਾ ਮਨੁੱਖੀ ਫ਼ਰਜ਼ ਸਮਝਿਆ ਜਾਂਦਾ ਸੀ। ਹੁਣ ਕਈ ਵਾਰ ਮਨ ਵਿੱਚ ਪਹਿਲਾ ਹਿਸਾਬ ਹੁੰਦਾ ਹੈ— ਮੈਂ ਇਸ ਦੀ ਮਦਦ ਕੀਤੀ ਹੈ, ਇਹ ਮੇਰੇ ਕੰਮ ਕਦੋਂ ਆਵੇਗਾ ? ਇਸ ਤਰ੍ਹਾਂ ਮਦਦ ਨੇਕੀ ਤੋਂ ਨਿਵੇਸ਼ ਬਣ ਜਾਂਦੀ ਹੈ।

ਪਰ ਖੋਜ ਦੱਸਦੀ ਹੈ ਕਿ ਦੂਜਿਆਂ ਦੀ ਮਦਦ ਕਰਨਾ ਸਿਰਫ਼ ਲੈਣ ਵਾਲੇ ਲਈ ਹੀ ਨਹੀਂ, ਦੇਣ ਵਾਲੇ ਲਈ ਵੀ ਮਨੁੱਖੀ ਭਲਾਈ ਨਾਲ ਜੁੜਿਆ ਹੈ। ਵਿਸ਼ਵ ਖੁਸ਼ੀ ਰੀਪੋਰਟ 2025 ਨੇ ਦਾਨ, ਸੇਵਾ ਅਤੇ ਅਜਨਬੀਆਂ ਦੀ ਮਦਦ ਵਰਗੇ ਪ੍ਰੋਸੋਸ਼ੀਅਲ ਵਰਤਾਰੇ ਨੂੰ ਤੰਦਰੁਸਤੀ ਨਾਲ ਜੋੜਿਆ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਹਰ ਮਦਦ ਬਿਨਾਂ ਹੱਦ ਦੇ ਕਰਨੀ ਚਾਹੀਦੀ ਹੈ। ਮਤਲਬ ਇਹ ਹੈ ਕਿ ਮਦਦ ਦੀ ਕੀਮਤ ਹਮੇਸ਼ਾ ਵਾਪਸੀ ਵਿੱਚ ਨਹੀਂ ਹੁੰਦੀ।

ਨੌਕਰੀ ਵੀ ਮਨੁੱਖੀ ਜੀਵਨ ਦਾ ਮਹੱਤਵਪੂਰਨ ਹਿੱਸਾ ਹੈ। ਪਰ ਜਦੋਂ ਕੰਮ ਦੀ ਪੂਰੀ ਕਦਰ ਸਿਰਫ਼ ਤਨਖ਼ਾਹ, ਅਹੁਦੇ ਅਤੇ ਤਰੱਕੀ ਨਾਲ ਹੋਣ ਲੱਗੇ ਤਾਂ ਮਨੁੱਖ ਆਪਣੀ ਪਛਾਣ ਨੂੰ ਵੀ ਆਪਣੀ ਆਰਥਿਕ ਉਪਯੋਗਤਾ ਨਾਲ ਜੋੜ ਲੈਂਦਾ ਹੈ। ਫਿਰ ਮੈਂ ਕੌਣ ਹਾਂ ? ਦਾ ਜਵਾਬ ਬਣ ਜਾਂਦਾ ਹੈ— ਮੈਂ ਕੀ ਕਰਦਾ ਹਾਂ ?

ਇਸ ਨਾਲ ਬੇਰੁਜ਼ਗਾਰੀ ਸਿਰਫ਼ ਆਮਦਨ ਦਾ ਸੰਕਟ ਨਹੀਂ ਰਹਿੰਦੀ; ਇਹ ਸਵੈ-ਮੁੱਲ ਦਾ ਸੰਕਟ ਵੀ ਬਣ ਸਕਦੀ ਹੈ।

ਦੂਜੇ ਪਾਸੇ, ਕੰਮ ਵਾਲੀ ਥਾਂ ਉੱਤੇ ਚੰਗੇ ਮਨੁੱਖੀ ਸੰਬੰਧ ਸਮਰੱਥਾ , ਸਹਿਯੋਗ ਅਤੇ ਭਰੋਸੇ ਲਈ ਵੀ ਮਹੱਤਵਪੂਰਨ ਹਨ। ਵਿਸ਼ਵ ਖੁਸ਼ੀ ਰਿਪੋਰਟ ਵਿੱਚ ਸਮਾਜਕ ਜੁੜਾਅ ਨੂੰ ਪੇਸ਼ੇਵਰ ਸਹਿਯੋਗ, ਭਰੋਸੇ ਅਤੇ ਤੰਦਰੁਸਤੀ ਨਾਲ ਜੋੜਿਆ ਗਿਆ ਹੈ।

ਸੋਸ਼ਲ ਮੀਡੀਆ ਨੇ ਇੱਕ ਹੋਰ ਤਬਦੀਲੀ ਕੀਤੀ ਹੈ. ਮਨੁੱਖੀ ਅਹਿਸਾਸ ਨੂੰ ਦਿਖਾਵੇ ਵਿੱਚ ਬਦਲ ਦਿੱਤਾ ਹੈ।

ਦੁੱਖ ਦੀ ਤਸਵੀਰ, ਪਿਆਰ ਦੀ ਪੋਸਟ, ਦੋਸਤੀ ਦੀ ਤਸਵੀਰ, ਸਮਾਜ-ਸੇਵਾ ਦੀ ਵੀਡੀਓ. ਹਰ ਚੀਜ਼ ਨੂੰ ਦਿਖਾਉਣ ਦੀ ਲੋੜ ਮਹਿਸੂਸ ਹੋਣ ਲੱਗਦੀ ਹੈ।

ਇਸ ਨਾਲ ਅਸਲੀ ਅਹਿਸਾਸ ਅਤੇ ਉਸ ਦੇ ਜਨਤਕ ਪ੍ਰਦਰਸ਼ਨ ਵਿਚਕਾਰ ਅਸਲ ਫ਼ਰਕ ਬਹੁਤ ਵਧੀਆ ਹੈ।

ਕਈ ਵਾਰ ਮਨੁੱਖ ਸੱਚਮੁੱਚ ਦੁਖੀ ਨਹੀਂ ਹੁੰਦਾ, ਪਰ ਦੁਖੀ ਦਿਖਣਾ ਚਾਹੁੰਦਾ ਹੈ। ਕਈ ਵਾਰ ਸੇਵਾ ਨਾਲੋਂ ਸੇਵਾ ਦੀ ਤਸਵੀਰ ਮਹੱਤਵਪੂਰਨ ਹੋ ਜਾਂਦੀ ਹੈ।

ਇੱਥੇ ਸਮੱਸਿਆ ਤਕਨਾਲੋਜੀ ਨਹੀਂ ਸਗੋਂ ਅਸੀਂ ਆਪਣੀ ਅੰਦਰਲੀ ਜ਼ਿੰਦਗੀ ਨੂੰ ਬਾਹਰੀ ਪ੍ਰਤੀਕਿਰਿਆ ਨਾਲ ਮਾਪਣ ਲੱਗ ਪਏ ਹਾਂ।

ਦੁਸ਼ਮਣੀ ਮਨੁੱਖੀ ਇਤਿਹਾਸ ਵਿੱਚ ਪੁਰਾਣਾ ਅਹਿਸਾਸ ਹੈ। ਪਰ ਅੱਜ ਦੁਸ਼ਮਣੀ ਸਿਧਾਂਤ ਦੀ ਨਹੀਂ, ਹਿੱਤ ਦੀ ਹੁੰਦੀ ਹੈ।

ਜਦੋਂ ਹਿੱਤ ਬਦਲਦੇ ਹਨ ਤਾਂ ਦੋਸਤ ਦੁਸ਼ਮਣ ਅਤੇ ਦੁਸ਼ਮਣ ਦੋਸਤ ਬਣ ਰਿਹਾ ਹੈ।

ਇਹ ਰਾਜਨੀਤੀ ਤੋਂ ਲੈ ਕੇ ਕਾਰੋਬਾਰ, ਪਰਿਵਾਰ ਅਤੇ ਸਮਾਜਕ ਜੀਵਨ ਤੱਕ ਦਿਖਾਈ ਦਿੰਦਾ ਹੈ।

ਇਸ ਲਈ ਅੱਜ ਸਭ ਤੋਂ ਵੱਡੀ ਚੁਣੌਤੀ ਸਿਰਫ਼ ਦੁਸ਼ਮਣ ਪਛਾਣਨਾ ਨਹੀਂ, ਸਵਾਰਥ ਅਤੇ ਸਿਧਾਂਤ ਵਿਚਕਾਰ ਫ਼ਰਕ ਪਛਾਣਨਾ ਹੈ।

ਸਮਾਜ ਦੀ ਵਪਾਰੀ ਸੋਚ ਦਾ ਇੱਕ ਅਜੀਬ ਪੱਖ ਇਹ ਹੈ ਕਿ ਜਿੱਥੇ ਮਨੁੱਖ ਨੂੰ ਦੁੱਖ ਦਿਖਾਈ ਦੇਣਾ ਚਾਹੀਦਾ ਹੈ, ਉੱਥੇ ਉਸ ਨੂੰ ਮੌਕਾ ਦਿਖਾਈ ਦੇਣ ਲੱਗ ਪੈਂਦਾ ਹੈ।

ਇਕ ਹਾਦਸਾ -ਕਿਸੇ ਲਈ ਦੁੱਖ, ਕਿਸੇ ਲਈ ਖ਼ਬਰ, ਕਿਸੇ ਲਈ ਸਮੱਗਰੀ, ਕਿਸੇ ਲਈ ਦਰਸ਼ਕ ਅਤੇ ਕਿਸੇ ਲਈ ਕਾਰੋਬਾਰ।

ਇੱਥੇ ਪੱਤਰਕਾਰੀ, ਜਾਣਕਾਰੀ ਅਤੇ ਸੰਵੇਦਨਾ ਵਿਚਕਾਰ ਸੰਤੁਲਨ ਬਹੁਤ ਜ਼ਰੂਰੀ ਹੈ।

ਕਿਸੇ ਦੁੱਖ ਨੂੰ ਲੋਕਾਂ ਤੱਕ ਪਹੁੰਚਾਉਣਾ ਸਮਾਜਕ ਜ਼ਿੰਮੇਵਾਰੀ ਹੋ ਸਕਦੀ ਹੈ, ਪਰ ਦੁੱਖ ਨੂੰ ਸਿਰਫ਼ ਦਰਸ਼ਕਾਂ ਦੀ ਗਿਣਤੀ ਵਿੱਚ ਬਦਲ ਦੇਣਾ ਮਨੁੱਖੀ ਸੰਵੇਦਨਾ ਲਈ ਖ਼ਤਰਨਾਕ ਪੱਖ ਹੈ।

ਕਦੇ ਮਨੁੱਖ ਸੋਚ ਸੀ ਕਿ ਕਿਸਮਤ ਵਿੱਚ ਜੋ ਲਿਖਿਆ ਹੈ, ਉਹ ਮਿਲੇਗਾ। ਫਿਰ ਤਦਬੀਰ ਨੇ ਮਨੁੱਖ ਨੂੰ ਸਿਖਾਇਆ ਕਿ ਕੋਸ਼ਿਸ਼ ਕਰ, ਰਾਹ ਬਣ ਸਕਦਾ ਹੈ। ਅੱਜ ਸਮਾਜ ਦੇ ਵਪਾਰ ਨੇ ਦੋਹਾਂ ਨੂੰ ਨਵੀਂ ਭਾਸ਼ਾ ਦੇ ਦਿੱਤੀ ਹੈ—ਮੌਕਾ ਪਛਾਣੋ, ਨਿਵੇਸ਼ ਕਰੋ, ਨਤੀਜਾ ਹਾਸਲ ਕਰੋ ਆਨੰਦ ਮਾਣੋ।

ਇਸ ਸੋਚ ਵਿੱਚ ਮਿਹਨਤ ਦੀ ਆਪਣੀ ਥਾਂ ਹੈ। ਪਰ ਜੇ ਹਰ ਚੀਜ਼ ਨੂੰ ਸਿਰਫ਼ ਨਤੀਜੇ ਨਾਲ ਮਾਪਿਆ ਜਾਵੇ ਤਾਂ ਇਤਫ਼ਾਕ, ਮਨੁੱਖੀ ਸਾਂਝ, ਕਿਸਮਤ, ਕਿਰਪਾ ਅਤੇ ਅਣਮਿੱਥੇ ਮਨੁੱਖੀ ਸਹਿਯੋਗ ਵਰਗੇ ਤੱਤਾਂ ਦੀ ਮਹੱਤਤਾ ਘਟਦੀ ਹੈ।

ਜਦੋਂ ਹਰ ਰਿਸ਼ਤੇ ਵਿੱਚ ਸਵਾਰਥ ਦੀ ਸੰਭਾਵਨਾ ਦਿਖਾਈ ਦੇਣ ਲੱਗੇ ਤਾਂ ਭਰੋਸਾ ਘਟਦਾ ਹੈ।

ਮਨੁੱਖ ਸੋਚਣ ਲੱਗਦਾ ਹੈ-
ਇਹ ਮੇਰੇ ਨਾਲ ਕਿਉਂ ਚੰਗਾ ਹੈ ?
ਇਸ ਨੂੰ ਮੇਰੇ ਤੋਂ ਕੀ ਚਾਹੀਦਾ ਹੈ ?
ਇਹ ਮਦਦ ਕਿਉਂ ਕਰ ਰਿਹਾ ਹੈ ?

ਇਹ ਮਨੋਵਿਰਤੀ ਸਮਾਜਕ ਜੁੜਾਅ ਨੂੰ ਕਮਜ਼ੋਰ ਕਰਦੀ ਹੈ।

ਅਬਲੂ ਐਚ ਉ ਦੀ 2025 ਕਮੀਸ਼ਨ ਓਨ ਸੋਸ਼ਲ ਕੁਨੈਕਸ਼ਨ ਨੇ ਸਮਾਜਕ ਇਕੱਲੇਪਣ ਨੂੰ ਸਿਹਤ, ਤੰਦਰੁਸਤੀ ਅਤੇ ਸਮਾਜ ਉੱਤੇ ਗੰਭੀਰ ਪ੍ਰਭਾਵਾਂ ਨਾਲ ਜੋੜਿਆ ਹੈ। ਅਬਲੂ ਐਚ ਉ ਨੇ ਸਮਾਜਕ ਸਿਹਤ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਵਾਂਗ ਗੰਭੀਰਤਾ ਨਾਲ ਲੈਣ ਦੀ ਲੋੜ ਉਜਾਗਰ ਕੀਤੀ ਹੈ।

ਵਿਸ਼ਵ ਖੁਸ਼ੀ ਰਿਪੋਰਟ 2025 ਅਨੁਸਾਰ 2023 ਵਿੱਚ ਦੁਨੀਆ ਭਰ ਦੇ 19 ਫ਼ੀਸਦੀ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਕੋਲ ਅਜਿਹਾ ਕੋਈ ਵਿਅਕਤੀ ਨਹੀਂ ਜਿਸ ਉੱਤੇ ਉਹ ਮੁਸ਼ਕਲ ਵੇਲੇ ਭਰੋਸਾ ਕਰ ਸਕਣ. ਇਹ ਅੰਕੜਾ 2006 ਦੇ ਮੁਕਾਬਲੇ 39 ਫ਼ੀਸਦੀ ਵਧਿਆ ਸੀ।

ਇਹ ਅੰਕੜਾ ਸਾਨੂੰ ਇੱਕ ਵੱਡੀ ਗੱਲ ਦੱਸਦਾ ਹੈ—ਸੰਪਰਕ ਵਧਣ ਦੇ ਬਾਵਜੂਦ ਡੂੰਘਾ ਜੁੜਾਅ ਘਟ ਰਿਹਾ ਹੈ। ਮੋਬਾਈਲ ਨੇ ਦੂਰੀ ਘਟਾਈ, ਇਕੱਲਾਪਣ ਨਹੀਂ

ਅੱਜ ਇੱਕ ਵਿਅਕਤੀ ਦੇ ਫ਼ੋਨ ਵਿੱਚ ਸੈਂਕੜੇ ਜਾਂ ਹਜ਼ਾਰਾਂ ਸੰਪਰਕ ਹੁੰਦੇ ਹਨ, ਪਰ ਮੁਸ਼ਕਲ ਵੇਲੇ ਫ਼ੋਨ ਕਰਨ ਲਈ ਦੋ ਵਿਅਕਤੀ ਵੀ ਨਾ ਹੋਣ ,ਇਹ ਆਧੁਨਿਕ ਸਮਾਜ ਦਾ ਵੱਡਾ ਵਿਰੋਧਾਭਾਸ ਹੈ।

ਵਿਸ਼ਵ ਖੁਸ਼ੀ ਰਿਪੋਰਟ ਦੀ ਖੋਜ ਵਿੱਚ ਵੀ ਸਮਾਜਕ ਸੰਪਰਕ ਦੀ ਗਿਣਤੀ ਅਤੇ ਗੁਣਵੱਤਾ ਨੂੰ ਵੱਖਰੇ ਪੱਖ ਮੰਨਿਆ ਗਿਆ ਹੈ। ਸਿਰਫ਼ ਲੋਕਾਂ ਦੀ ਗਿਣਤੀ ਕਾਫ਼ੀ ਨਹੀਂ, ਭਰੋਸੇਯੋਗ ਸਹਾਇਤਾ ਅਤੇ ਡੂੰਘਾ ਰਿਸ਼ਤਾ ਵਧੇਰੇ ਮਹੱਤਵ ਰੱਖਦੇ ਹਨ।

ਸੰਪਰਕ ਬਹੁਤ ਹੋ ਸਕਦੇ ਹਨ, ਪਰ ਜੁੜਾਵ ਘੱਟ।

ਇਹ ਕਹਿਣਾ ਕਿ ਅੱਜ ਹਰ ਮਨੁੱਖ ਸਵਾਰਥੀ ਹੈ, ਤੱਥਾਂ ਨਾਲ ਨਿਆਂ ਨਹੀਂ ਕਰੇਗਾ। ਦੁਨੀਆ ਭਰ ਵਿੱਚ ਲੋਕ ਅਜੇ ਵੀ ਦਾਨ ਕਰਦੇ ਹਨ, ਅਜਨਬੀਆਂ ਦੀ ਮਦਦ ਕਰਦੇ ਹਨ, ਬਿਨਾਂ ਕਿਸੇ ਲਾਭ ਦੇ ਸੇਵਾ ਕਰਦੇ ਹਨ, ਦੋਸਤਾਂ ਲਈ ਖੜ੍ਹੇ ਹੁੰਦੇ ਹਨ ਅਤੇ ਪਰਿਵਾਰ ਲਈ ਆਪਣੀਆਂ ਲੋੜਾਂ ਤਿਆਗਦੇ ਹਨ।

ਵਿਸ਼ਵ ਖੁਸ਼ੀ ਰਿਪੋਰਟ ਨੇ ਵੀ ਦਿਖਾਇਆ ਹੈ ਕਿ ਦੂਜਿਆਂ ਦੀ ਮਦਦ ਕਰਨ ਵਾਲਾ ਮਨੁੱਖੀ ਵਿਹਾਰ ਵਿਆਪਕ ਹੈ ਅਤੇ ਸਮਾਜਕ ਸਹਾਇਤਾ ਤੰਦਰੁਸਤੀ ਨਾਲ ਡੂੰਘੀ ਤਰ੍ਹਾਂ ਜੁੜੀ ਹੈ।

ਇਸ ਲਈ ਸਾਡੀ ਸਮੱਸਿਆ ਕਾਰੋਬਾਰ ਨਹੀਂ, ਹਰ ਚੀਜ਼ ਨੂੰ ਕਾਰੋਬਾਰੀ ਨਜ਼ਰੀਏ ਨਾਲ ਦੇਖਣਾ ਹੈ। ਕਾਰੋਬਾਰ ਜ਼ਰੂਰੀ ਹੈ। ਪੈਸਾ ਜ਼ਰੂਰੀ ਹੈ। ਲਾਭ ਵੀ ਜ਼ਰੂਰੀ ਹੈ।

ਪਰ ਜੇ ਪੈਸਾ ਮਨੁੱਖੀ ਰਿਸ਼ਤੇ ਦਾ ਮਾਲਕ ਬਣ ਜਾਵੇ ਤਾਂ ਸਮੱਸਿਆ ਹੈ।

ਮਨੁੱਖੀ ਰਿਸ਼ਤੇ ਦੀ ਕੀਮਤ ਇਹ ਨਹੀਂ ਕਿ ਉਸ ਤੋਂ ਸਾਨੂੰ ਕਿੰਨਾ ਮਿਲਿਆ। ਸਗੋਂ ਇਹ ਕਿ:
ਜਦੋਂ ਸਾਨੂੰ ਦੇਣ ਲਈ ਕੁਝ ਨਹੀਂ ਸੀ, ਤਦ ਵੀ ਕੌਣ ਸਾਡੇ ਨਾਲ ਸੀ।
ਜਦੋਂ ਅਹੁਦਾ ਨਹੀਂ ਸੀ, ਕੌਣ ਸਤਿਕਾਰ ਕਰਦਾ ਸੀ।
ਜਦੋਂ ਪੈਸਾ ਨਹੀਂ ਸੀ, ਕੌਣ ਹੱਥ ਫੜਦਾ ਸੀ।
ਜਦੋਂ ਗਲਤੀ ਹੋਈ, ਕੌਣ ਸਮਝਾਉਂਦਾ ਸੀ।
ਜਦੋਂ ਦੁਨੀਆ ਨੇ ਪਿੱਠ ਮੋੜੀ, ਕੌਣ ਸਾਹਮਣੇ ਖੜ੍ਹਾ ਰਿਹਾ।

ਇਹੀ ਉਹ ਦਾਇਰਾ ਹੈ ਜਿੱਥੇ ਰਿਸ਼ਤਾ ਵਪਾਰ ਤੋਂ ਵੱਖ ਹੋ ਜਾਂਦਾ ਹੈ।

ਬਾਜ਼ਾਰ, ਤਕਨਾਲੋਜੀ, ਪੇਸ਼ੇਵਰਤਾ ਅਤੇ ਆਰਥਿਕ ਮੁਕਾਬਲਾ ਆਧੁਨਿਕ ਜੀਵਨ ਦੇ ਹਿੱਸੇ ਹਨ, ਪਰ ਮਨੁੱਖ ਨੂੰ ਇਹ ਫ਼ੈਸਲਾ ਕਰਨਾ ਪਵੇਗਾ ਕਿ ਉਸਦੀ ਜ਼ਿੰਦਗੀ ਵਿੱਚ ਕੀ ਵਿਕ ਸਕਦਾ ਹੈ ਅਤੇ ਕੀ ਨਹੀਂ।

ਸਮਾਂ ਵਿਕ ਸਕਦਾ ਹੈ,ਪਰ ਪਿਆਰ ਨਹੀਂ।

ਮਿਹਨਤ ਦੀ ਕੀਮਤ ਹੋ ਸਕਦੀ ਹੈ,ਪਰ ਸੱਚੀ ਦੋਸਤੀ ਦੀ ਨਹੀਂ।

ਸੇਵਾ ਪੇਸ਼ਾ ਹੋ ਸਕਦੀ ਹੈ,ਪਰ ਦਇਆ ਸਿਰਫ਼ ਸੌਦਾ ਨਹੀਂ।

ਸੰਪਰਕ ਬਣਾਏ ਜਾ ਸਕਦੇ ਹਨ,ਪਰ ਭਰੋਸਾ ਖਰੀਦਿਆ ਨਹੀਂ ਜਾ ਸਕਦਾ।

ਦੌਲਤ ਇਕੱਠੀ ਕੀਤੀ ਜਾ ਸਕਦੀ ਹੈ,ਪਰ ਮਨੁੱਖੀ ਨੇੜਤਾ ਸਿਰਫ਼ ਦੌਲਤ ਨਾਲ ਨਹੀਂ ਮਿਲਦੀ।

ਮਨੁੱਖੀ ਸਭਿਆਚਾਰ ਦੀ ਸਭ ਤੋਂ ਵੱਡੀ ਦੌਲਤ ਸੋਨਾ, ਜ਼ਮੀਨ, ਪੈਸਾ ਜਾਂ ਤਕਨਾਲੋਜੀ ਨਹੀਂ।

ਸਭ ਤੋਂ ਵੱਡੀ ਦੌਲਤ ਉਹ ਮਨੁੱਖ ਹੈ ਜੋ ਤੁਹਾਡੇ ਨਾਲ ਬਿਨਾਂ ਕਿਸੇ ਲਾਭ ਦੇ ਖੜ੍ਹਾ ਰਹੇ।

ਕਿਉਂਕਿ ਬਾਜ਼ਾਰ ਵਿੱਚ ਹਰ ਚੀਜ਼ ਦੀ ਕੀਮਤ ਹੋ ਸਕਦੀ ਹੈ, ਪਰ—
ਪਿਆਰ ਦੀ ਕੀਮਤ ਨਹੀਂ ਹੁੰਦੀ,
ਦੋਸਤੀ ਦਾ ਮੁੱਲ ਨਹੀਂ ਹੁੰਦਾ,
ਅਹਿਸਾਸ ਦਾ ਭਾਅ ਨਹੀਂ ਹੁੰਦਾ,
ਅਤੇ ਸੱਚੇ ਰਿਸ਼ਤੇ ਦਾ ਕੋਈ ਬਦਲ ਨਹੀਂ ਹੁੰਦਾ।

ਇਹੀ ਉਹ ਹੱਦ ਹੈ ਜਿੱਥੇ ਕਾਰੋਬਾਰ ਮੁੱਕਦਾ ਹੈ ਅਤੇ ਇਨਸਾਨੀਅਤ ਸ਼ੁਰੂ ਹੁੰਦੀ ਹੈ।

## ਨਗਰ ਕੌਂਸਲ ਸਮਾਣਾ ਵੱਲੋਂ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕੀਤਾ



**ਸਮਾਣਾ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਗਰ ਕੌਂਸਲ ਸਮਾਣਾ ਵੱਲੋਂ 17 ਅਕਤੂਬਰ ਤੱਕ ਚਲਾਈ ਜਾ ਰਹੀ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਅੱਜ ਲੋਕਾਂ ਨੂੰ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਅਤੇ ਕਾਰਜ ਸਾਧਕ ਅਫ਼ਸਰ ਸ੍ਰੀ ਅਪਰਾਪਾਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਘਰਾਂ ਅਤੇ ਦੁਕਾਨਾਂ ਦਾ ਕੂੜਾ ਸੜਕਾਂ ਦੇ ਆਲੇ-ਦੁਆਲੇ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਣ। ਉਨ੍ਹਾਂ ਕਿਹਾ ਕਿ ਕੂੜੇ ਨੂੰ ਸਰੋਤ 'ਤੇ ਹੀ ਗਿੱਲੇ ਅਤੇ ਸੁੱਕੇ ਕੂੜੇ ਵਿੱਚ ਵੱਖ-ਵੱਖ ਛਾਂਟ ਕੇ ਅਲੱਗ-ਅਲੱਗ ਡਸਟਬੀਨਾਂ ਵਿੱਚ ਰੱਖਿਆ ਜਾਵੇ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਵੱਲੋਂ ਘਰ-ਘਰ ਕੂੜਾ ਇਕੱਠਾ ਕਰਨ ਲਈ ਆਉਣ ਵਾਲੀਆਂ ਰਿਕਸ਼ਾ ਰੇੜੀਆਂ ਜਾਂ ਟਾਟਾ ਏਸ ਵਿੱਚ ਹੀ ਕੂੜਾ ਪਾਇਆ ਜਾਵੇ, ਤਾਂ ਜੋ ਕੂੜੇ ਦਾ ਸਹੀ ਢੰਗ ਨਾਲ ਨਿਪਟਾਰਾ ਕੀਤਾ ਜਾ ਸਕੇ ਅਤੇ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਹਰਾ-ਭਰਾ ਬਣਾਇਆ ਜਾ ਸਕੇ।

ਨਗਰ ਕੌਂਸਲ ਅਧਿਕਾਰੀਆਂ ਨੇ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਬਣਾਈ ਰੱਖਣਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਲੋਕਾਂ ਦੇ ਸਹਿਯੋਗ ਨਾਲ ਹੀ ਸਮਾਣਾ ਸ਼ਹਿਰ ਨੂੰ ਸਵੱਛ ਅਤੇ ਸੁੰਦਰ ਬਣਾਉਣ ਦਾ ਟੀਚਾ ਹਾਸਲ ਕੀਤਾ ਜਾ ਸਕਦਾ ਹੈ।

ਇਸ ਮੌਕੇ ਸੀ.ਐਫ. ਸ੍ਰੀ ਕਰਮਜੀਤ ਸਿੰਘ, ਐਸ.ਆਈ. ਸ੍ਰੀ ਹਰਵਿੰਦਰ ਕੁਮਾਰ ਸਮੇਤ ਨਗਰ ਕੌਂਸਲ ਦੇ ਮੋਟੀਵੇਟਰ ਵੀ

## ਭਾਸ਼ਾ ਵਿਭਾਗ ਪੰਜਾਬ ਮਨਾਏਗਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ

**ਪਟਿਆਲਾ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ 28 ਸਤੰਬਰ ਨੂੰ ਸਾਹਿਤਕ ਤੇ ਸੱਭਿਆਚਾਰਕ ਸਮਾਗਮ ਕਰਵਾਇਆ ਜਾਵੇਗਾ। ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਬੱਸੀ ਗੁੱਜਰਾਂ (ਰੋਪੜ) ਵਿਖੇ ਕਰਵਾਏ ਜਾਣ ਵਾਲੇ ਇਸ ਸਮਾਗਮ ਦੌਰਾਨ ਜਿੱਥੇ ਵਿਦਵਾਨ ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ, ਵਿਚਾਰਧਾਰਾ, ਸ਼ਹਾਦਤ ਤੇ ਸ਼ਖ਼ਸੀਅਤਾਂ ਵਿਚਾਰ ਚਰਚਾ ਕਰਨਗੇ ਉੱਥੇ ਇਨਕਲਾਬੀ ਰੰਗਤ ਵਾਲਾ ਗੀਤ-ਸੰਗੀਤ ਤੇ ਕਵੀ ਦਰਬਾਰ ਵੀ ਆਯੋਜਿਤ ਕੀਤਾ ਜਾਵੇਗਾ। ਇਹ ਸਮਾਗਮ ਆਈ.ਆਰ.ਸੀ.ਸੀ. ਗਰੁੱਪ ਆਫ਼ ਇੰਸੀਚਿਊਸ਼ਨਜ਼ ਬੱਸੀ ਗੁੱਜਰਾਂ ਵਿਖੇ ਸਵੇਰੇ 10 ਵਜੇ ਸ਼ੁਰੂ ਹੋਵੇਗਾ।

ਮਾਲਵਾ ਰੂਰਲ ਐਜੂਕੇਸ਼ਨ ਸੁਸਾਇਟੀ ਬੱਸੀ ਗੁੱਜਰਾਂ (ਰੋਪੜ) ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਸਮਾਗਮ ਦੌਰਾਨ ਇਤਿਹਾਸ ਦੇ ਉੱਘੇ ਖੋਜੀ ਐਡਵੋਕੇਟ ਸਰਬਜੀਤ ਸਿੰਘ ਵਿਰਕ 'ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਤੇ ਸ਼ਖ਼ਸੀਅਤ' ਬਾਰੇ ਵਿਸ਼ੇਸ਼ ਭਾਸ਼ਣ ਦੇਣਗੇ। ਸਾਬਕਾ ਆਈ.ਏ.ਐਸ. ਅਧਿਕਾਰੀ ਕਾਹਨ ਸਿੰਘ ਪੰਨੂ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ ਅਤੇ ਸਾਬਕਾ ਉਪ ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ ਪ੍ਰੋ. ਬਾਵਾ ਸਿੰਘ ਸਮਾਗਮ ਦੀ ਪ੍ਰਧਾਨਗੀ ਕਰਨਗੇ। ਸਮਾਗਮ ਦੇ ਦੂਸਰੇ ਪੜਾਅ ਦੌਰਾਨ ਕਵੀ ਦਰਬਾਰ ਤੇ ਗੀਤ-ਸੰਗੀਤ ਹੋਵੇਗਾ। ਉੱਘੇ ਕਵੀ ਸੁਰਜੀਤ ਜੱਜ, ਬਲਵਿੰਦਰ ਸੰਧੂ, ਅਵਤਾਰਜੀਤ, ਕੁਲਵਿੰਦਰ ਕੁੱਲਾ, ਰਬਿੰਦਰ ਰੱਬੀ, ਮੋਹਣੀ ਤੂਰ, ਸਲੀਮ ਸਿਕੰਦਰ, ਸੱਤਪਾਲ ਭੀਖੀ, ਸੰਤੋਖ ਸੁੱਖੀ, ਰਮਨ ਸੰਧੂ, ਸੁਸ਼ੀਲ ਦੁਸਾਂਝ ਤੇ ਲਾਭ ਚਤਾਮਲੀ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਤੇ ਸ਼ਖ਼ਸੀਅਤ ਬਾਰੇ ਕਾਵਿਤਾਵਾਂ ਪੇਸ਼ ਕਰਨਗੇ।




## ਡਿਪਟੀ ਕਮਿਸ਼ਨਰ ਵੱਲੋਂ ਐਸ ਆਈ ਆਰ 'ਚ 100 ਪ੍ਰਤੀਸ਼ਤ ਮੈਪਿੰਗ ਕਰਨ ਵਾਲੇ 56 ਬੀ.ਐਲ.ਓਜ਼ ਪੰਜਾਬ ਦੇ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ

**ਪਟਿਆਲਾ, 26 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਐਸ ਆਈ ਆਰ-2026 ਦੌਰਾਨ ਘਰ-ਘਰ ਐਨਿਊਮਰੇਸ਼ਨ ਮੁਹਿੰਮ (25 ਜੂਨ ਤੋਂ 03 ਅਗਸਤ 2026 ਤੱਕ) ਵਿੱਚ 100 ਪ੍ਰਤੀਸ਼ਤ ਮੈਪਿੰਗ ਕਰਨ ਵਾਲੇ ਜ਼ਿਲ੍ਹਾ ਪਟਿਆਲਾ ਦੇ ਕੁੱਲ 56 ਬੀ.ਐਲ.ਓਜ਼ ਨੂੰ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਜਾਰੀ ਹੋਏ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ ਹੈ।

ਜ਼ਿਲ੍ਹਾ ਚੋਣ ਅਫਸਰ ਡਾ.ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਹ ਸਾਰੇ ਬੀਐਲਓਜ ਪੰਜਾਬ ਦੇ ਉਨ੍ਹਾਂ ਪਹਿਲੇ 1000 ਬੀ.ਐਲ.ਓਜ਼ ਵਿੱਚ ਸ਼ਾਮਲ ਹਨ, ਜਿਨ੍ਹਾਂ ਨੂੰ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਜਾਰੀ ਹੋਏ ਪ੍ਰਸ਼ੰਸਾ ਪੱਤਰ ਪ੍ਰਾਪਤ ਹੋਏ ਹਨ।



ਜ਼ਿਲ੍ਹਾ ਚੋਣ ਅਫਸਰ ਨੇ ਇਨ੍ਹਾਂ ਬਿਹਤਰੀਨ ਕਾਰਗੁਜ਼ਾਰੀ ਕਰਨ ਵਾਲੇ ਬੀ.ਐਲ.ਓਜ਼ ਨੂੰ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਬੀ.ਐਲ.ਓਜ਼ ਚੋਣ ਕਮਿਸ਼ਨ ਦਾ ਧੁਰਾ ਹਨ ਅਤੇ ਘਰ-ਘਰ ਮੁਹਿੰਮ ਦੌਰਾਨ ਇਨ੍ਹਾਂ ਸਾਰਿਆਂ ਨੇ ਬਹੁਤ ਹੀ ਸ਼ਲਾਘਾਯੋਗ ਕੰਮ ਕੀਤਾ ਹੈ। ਉਨ੍ਹਾਂ ਨੇ ਬੀ.ਐਲ.ਓਜ਼ ਨੂੰ ਐਸ ਆਈ ਆਰ-2026 ਦੇ ਅਗਲੇ ਫੇਜ਼ ਦੌਰਾਨ ਵੀ ਪਹਿਲਾਂ ਦੀ ਤਰ੍ਹਾਂ ਹੀ ਹੋਰ ਮਿਹਨਤ ਨਾਲ਼ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ ਅਨੁਪ੍ਰਿਤਾ ਜੌਹਲ, ਚੋਣ ਤਹਿਸੀਲਦਾਰ ਵਿਜੈ ਕੁਮਾਰ ਚੌਧਰੀ, ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ, ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਮੋਹਿਤ ਕੌਸ਼ਲ ਤੇ ਹੋਰ ਅਧਿਕਾਰੀ ਵੀ ਹਾਜਰ ਸਨ।

## ਸ੍ਰੀ ਗਨੇਸ਼ ਵਿਸਰਜਨ ਮਹਾ ਉਤਸਵ ਦੀਆਂ ਹਾਰਦਿਕ ਸ਼ੁਭਕਾਮਨਾਵਾ: ਸਤਨਾਮ ਹਸੀਜਾ



**ਪਟਿਆਲਾ, 26 ਸਤੰਬਰ**
**-ਬਲਜੀਤ ਸਰਨਾ-**

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਅਤੇ ਭਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਣੇਸ਼ ਮਹਾ ਉਤਸਵ ਬੜੀ ਧੂਮ ਧਾਮ ਨਾਲ ਮਨਾਇਆ। ਪਹਿਲੇ ਗਣੇਸ਼ ਉਤਸਵ 5—7 ਦਿਨ ਹੀ ਮਨਾਉਂਦੇ ਸੀ ਪਰ ਇਸ ਸਾਲ ਸੁਧਾਰ ਸਭਾ ਦੇ ਸਾਰੇ ਮੈਂਬਰਾਂ ਵਿੱਚ ਕਾਫੀ ਜੋਸ਼ ਸੀ, ਇਹ ਉਤਸਵ ਗਣੇਸ਼ ਚੁਤਰਥੀ ਤੋਂ ਅਨੰਦ ਚੁਤਰਥੀ ਤੱਕ ਮਨਾਇਆ ਗਿਆ। ਇਨ੍ਹਾਂ ਦਿਨਾਂ ਵਿੱਚ ਵਿਸ਼ਵ ਕਰਮਾ ਪੂਜਾ, ਰਾਧਾ ਅਸ਼ਟਮੀ, ਬਾਵਨਵਾਸੀ ਆਦਿ ਉਤਸਵ ਵੀ ਧੂਮ ਧਾਮ ਨਾਲ ਮਨਾਏ ਗਏ। ਸ਼ਾਮ ਨੂੰ ਆਰਤੀ ਉਪਰੰਤ ਹਸੀਜਾ ਪਰਿਵਾਰ ਵਲੋਂ ਅਤੁੱਟ ਭੰਡਾਰਾ ਵਰਤਾਇਆ ਗਿਆ ਜਿਸ ਵਿੱਚ ਤਰ੍ਹਾਂ ਤਰ੍ਹਾਂ ਦੇ ਵਿਅੰਜਨ ਬਣਾਏ ਗਏ। ਅਨੰਦ ਚੁਤਰਥੀ ਵਾਲੇ ਦਿਨ ਸ਼ਿਵ ਮੰਡਲੀ ਦੁਆਰਾ 11 ਤੋਂ 12 ਵਜੇ ਤੱਕ ਕੀਰਤਨ ਕੀਤਾ ਗਿਆ। ਆਰਤੀ ਉਪਰੰਤ ਮੰਦਿਰ ਵਿੱਚ ਭੋਗ ਲਗਾ ਕੇ ਕੜੀ ਚਾਵਲ ਅਤੇ ਲੱਡੂਆਂ ਦਾ ਲੰਗਰ ਮੰਦਿਰ ਦੇ ਪ੍ਰਾਗਣ ਅਤੇ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੇ ਕੋਲ 3:00 ਵਜੇ ਤੱਕ ਵਰਤਾਇਆ ਗਿਆ। ਗਣੇਸ਼ ਵਿਸਰਜਨ ਵਿੱਚ ਭਾਰੀ ਸੰਖਿਆ ਵਿੱਚ ਭਗਤਾਂ ਨੇ ਅਤੇ ਕਲੋਨੀ ਨਿਵਾਸੀਆਂ ਨੇ ਹਿੱਸਾ ਲਿਆ। ਖਾਸ ਕਰਕੇ ਇਸ ਮੌਕੇ ਮੇਅਰ ਕੁੰਦਨ ਗੋਗੀਆ ਦੇ ਨਾਲ ਐਮ.ਸੀ. ਰਣਜੀਤ ਸਿੰਘ ਚੰਡੋਕ, ਬਲਾਕ ਪ੍ਰਧਾਨ ਅਮਨ ਬਾਂਸਲ ਆਦਿ ਗਣਪਤੀ ਬਾਬਾ ਨੂੰ ਵਿਦਾਈ ਦਿੱਤੀ। ਮੇਅਰ ਸਾਹਿਬ ਨੇ ਸ਼ਲਾਘਾ ਕੀਤੀ ਜਦੋਂ ਦੀ ਹਸੀਜਾ ਪਰਿਵਾਰ ਨੇ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੀ ਸੇਵਾ ਕੀਤੀ ਹੈ ਉਦੋ ਤੋਂ ਹੀ ਇਹ ਮੰਦਿਰ ਬਹੁਤ ਪ੍ਰਸਿੱਧ ਹੋ ਗਿਆ ਹੈ। ਸਤਨਾਮ ਹਸੀਜਾ ਨੇ ਜਦੋਂ ਤੋਂ ਸੁਧਾਰ ਸਭਾ ਸੰਸਥਾ ਦਾ ਗਠਨ ਕੀਤਾ ਹੈ ਸੁਧਾਰ ਸਭਾ ਦੇ ਸਾਰੇ ਮੈਂਬਰ ਦਿਨ ਰਾਤ ਕਰਕੇ ਵਿਕਾਸ ਦਾ ਕੰਮ ਅਤੇ ਵਾਰ ਤਿਉਹਾਰ ਵਿੱਚ ਵੱਧ ਚੜ੍ਹਕੇ ਹਿੱਸਾ ਲੈ ਰਹੇ ਹਨ। ਮੰਦਿਰ ਵਿੱਚ ਚਿੱਤਰਕਾਰੀ, ਝੂਮਰ ਆਦਿ, ਬਾਹਰ ਮੰਦਿਰ ਉਪਰ ਲਾਇਟਾਂ, ਗੁੰਮਦ ਜਗਮਗਾਉਂਦੀਆਂ ਹਨ। ਖਾਸ ਕਰਕੇ ਰਾਤ ਨੂੰ ਨਜਾਰਾ ਦੇਖਣ ਯੋਗ ਹੈ। ਵਿਸਰਜਨ ਦੇ ਸਮੇਂ ਭਗਤਾਂ ਨੇ ਗਣਪਤੀ ਬਾਬਾ ਮੋਰਿਆ, ਅਗਲੇ ਵਰਸ਼ ਤੂੰ ਜਲਦੀ ਆ ਦੇ ਜੈਘੋਸ਼ ਨਾਲ ਵਿਸਰਜਨ ਕੀਤਾ।




# ਬਰਸਟ ਵੱਲੋਂ ਜੋੜਾਮਾਜਰਾ ਜਾਂਦੀ ਰੋਡ ਤੇ ਭਾਖੜਾ ਨਹਿਰ ’ਤੇ ਨਵੇਂ ਪੁੱਲ ਦੇ ਨਿਰਮਾਣ ਕਾਰਜ ਦਾ ਉਦਘਾਟਨ



**ਸਮਾਣਾ 26 ਸਤੰਬਰ**
**-ਜਗਦੇਵ ਸਿੰਘ ਜੱਗੀ-**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਦੇਣ ਦੇ ਉਦੇਸ਼ ਨਾਲ ਇੱਕ ਅਹਿਮ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਨੇ ਸਮਾਣਾ-ਪਾਤੜਾਂ ਰੋਡ ਤੋਂ ਜੋੜਾਮਾਜਰਾ ਨੂੰ ਜਾਂਦੀ ਲਿੰਕ ਰੋਡ ’ਤੇ ਭਾਖੜਾ ਮੇਨ ਲਾਈਨ ਨਹਿਰ ’ਤੇ ਬਣਨ ਵਾਲੇ ਨਵੇਂ ਪੁੱਲ ਦੇ ਨਿਰਮਾਣ ਕਾਰਜ ਦਾ ਰਿਬਨ ਕੱਟ ਕੇ ਰਸਮੀ ਤੌਰ ’ਤੇ ਉਦਘਾਟਨ ਕੀਤਾ। ਇਸ ਉਦਘਾਟਨੀ ਸਮਾਰੋਹ ਦੌਰਾਨ ਹਲਕਾ ਸਮਾਣਾ ਦੇ ਵਿਧਾਇਕ ਸ. ਚੇਤਨ ਸਿੰਘ ਜੋੜਾਮਾਜਰਾ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਸਮਾਰੋਹ ਦੌਰਾਨ ਇਲਾਕਾ ਨਿਵਾਸੀਆਂ, ਪੰਚਾਂ-ਸਰਪੰਚਾਂ ਅਤੇ ਮੋਹਤਬਰ ਵਿਅਕਤੀਆਂ ਵੱਲੋਂ ਸ. ਹਰਚੰਦ ਸਿੰਘ ਬਰਸਟ ਅਤੇ ਸ. ਚੇਤਨ ਸਿੰਘ ਜੋੜਾਮਾਜਰਾ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ ਗਿਆ। ਭਾਖੜਾ ਨਹਿਰ ’ਤੇ ਇਸ ਨਵੇਂ ਪੁੱਲ ਦਾ ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਆਸ-ਪਾਸ ਦੇ ਪੂਰੇ ਖੇਤਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਇਹ ਪੁੱਲ ਸਮਾਣਾ-ਪਾਤੜਾਂ ਰੋਡ (ਮੱਵੀ-ਕਲਾਂ) ਤੋਂ ਜੋੜਾਮਾਜਰਾ ਨੂੰ ਜਾਂਦੀ ਲਿੰਕ ਰੋਡ ਤੋਂ ਗੁਜ਼ਰਦੀ ਭਾਖੜਾ ਮੇਨ ਲਾਈਨ ਉੱਤੇ ਬਣਾਇਆ ਜਾਵੇਗਾ। ਇਹ 44 ਮੀਟਰ ਲੰਬਾ ਸਿੰਗਲ ਸਪੈਨ ਸਟੀਲ ਟਰੱਸ ਪੁੱਲ ਹੋਵੇਗਾ, ਜੋ ਆਧੁਨਿਕ ਨਿਰਮਾਣ ਤਕਨੀਕਾਂ ਨਾਲ ਤਿਆਰ ਕੀਤਾ ਜਾਵੇਗਾ ਤਾਂ ਜੋ ਇਹ ਲੰਬੇ ਸਮੇਂ ਤੱਕ ਮਜ਼ਬੂਤ ਅਤੇ ਸੁਰੱਖਿਅਤ ਰਹੇ। ਇਸ ਪੁੱਲ ਦੇ ਨਿਰਮਾਣ ਉੱਤੇ ਕਰੀਬ 6.18 ਕਰੋੜ ਰੁਪਏ ਦੀ ਲਾਗਤ ਆਵੇਗੀ। ਬਰਸਟ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਮਾਣ ਕਾਰਜ ਸਮੇਂ ਸਿਰ ਅਤੇ ਪੂਰੀ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਇਹ ਪੁੱਲ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਬਹੁਤ ਹੀ ਅਹਿਮ ਮੰਗ ਸੀ। ਇਸ ਨਵੇਂ ਪੁੱਲ ਦੇ ਬਣਨ ਨਾਲ ਜਿੱਥੇ ਆਮ ਲੋਕਾਂ, ਸਕੂਲੀ ਬੱਚਿਆਂ ਅਤੇ ਰਾਹਗੀਰਾਂ ਦੀ ਰੋਜ਼ਾਨਾ ਦੀ ਆਵਾਜਾਈ ਸੁਰੱਖਿਅਤ ਅਤੇ ਸੁਖਾਲੀ ਹੋਵੇਗੀ, ਉੱਥੇ ਹੀ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਪਹੁੰਚਾਉਣ ਵਿੱਚ ਅਸਾਨੀ ਹੋਵੇਗੀ ਅਤੇ ਸਮੇਂ ਦੀ ਵੀ ਬੱਚਤ ਹੋਵੇਗੀ।

ਪੰਜਾਬ ਸਰਕਾਰ ਦੀਆਂ ਨੀਤੀਆਂ ਦਾ ਜ਼ਿਕਰ ਕਰਦਿਆਂ ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਆਪ ਸਰਕਾਰ ਦਾ ਮੁੱਖ ਮਕਸਦ ਸ਼ਹਿਰੀ ਖੇਤਰਾਂ ਦੇ ਨਾਲ-ਨਾਲ ਗ੍ਰਾਮੀਣ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਭਰ ਵਿੱਚ ਪੇਂਡੂ ਲਿੰਕ ਸੜਕਾਂ ਦੇ ਨਿਰਮਾਣ, ਮੁਰੰਮਤ ਅਤੇ ਨਵੀਨੀਕਰਨ ਦੇ ਕਾਰਜ ਪੂਰੀ ਤਨਦੇਹੀ ਨਾਲ ਕੀਤੇ ਜਾ ਰਹੇ ਹਨ। ਇਸਦੇ ਨਾਲ ਹੀ ਮੰਡੀਆਂ ਵਿੱਚ ਵੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਇਸੇ ਲੜੀ ਤਹਿਤ ਹਲਕਾ ਸਮਾਣਾ ਵਿਖੇ ਲਿੰਕ ਸੜਕਾਂ ਅਤੇ ਮੰਡੀਆਂ ਦੇ ਵਿਕਾਸ ਨੂੰ ਪਹਿਲ ਦੇ ਆਧਾਰ ਉੱਤੇ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਵਿੱਚ ਜਸਬੀਰ ਸਿੰਘ (ਪੀ.ਏ.) ਬਲਾਕ ਸਮੰਤੀ ਮੈਂਬਰ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਅਵਤਾਰ ਸਿੰਘ ਸਰਪੰਚ ਜੋੜਾਮਾਜਰਾ, ਲਾਡੀ ਗੱਜੂਮਾਜਰਾ, ਵਰਿੰਦਰ ਸਿੰਘ ਨੰਬਰਦਾਰ, ਪ੍ਰਿਤਪਾਲ ਸਿੰਘ ਜੋੜਾਮਾਜਰਾ ਆਦਿ ਹਾਜ਼ਰ ਸਨ ।

# ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਵਰਖਾ ਰੁੱਤ ਬਣੋਂ ਰੁੱਖ ਮਿੱਤਰ ਮੁਹਿੰਮ ਤਹਿਤ ਵੱਖ-ਵੱਖ ਕਾਲਜਾਂ ਵਿੱਚ ਬੂਟੇ ਲਗਾਏ : ਡੀ ਐਸ ਪੀ ਫਤਿਹ ਸਿੰਘ ਬਰਾੜ

**ਪਟਿਆਲਾ, 26 ਸਤੰਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਇਸ ਵਰਖਾ ਰੁੱਤ ਬਣੋ ਰੁੱਖ ਮਿੱਤਰ ਮੁਹਿੰਮ ਤਹਿਤ ਅੱਜ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਗਰਲਜ਼ ਕਾਲਜ ਕਰਹਾਲੀ ਸਾਹਿਬ ਵਿਖੇ ਫਲਦਾਰ ਬੂਟੇ ਲਗਾਉਣ ਦਾ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਕਾਲਜ ਦੇ ਐਨ.ਐਸ.ਐਸ ਵਿੰਗ, ਰੈੱਡ ਰਿਬਨ ਕਲੱਬ ਅਤੇ ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਵਿਸ਼ਵ ਦੀ ਸਭ ਤੋਂ ਉੱਚੀ ਚੋਟੀ ਮਾਉਂਟ ਏਵਰੇਸਟ ਵਿਜੇਤਾ ਵਿਸ਼ਵ ਰਿਕਾਰਡਧਾਰੀ ਡੀ.ਐਸ.ਪੀ ਸਮਾਣਾ ਸ. ਫਤਿਹ ਸਿੰਘ ਬਰਾੜ ਅਤੇ ਕਾਲਜ ਦੀ ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ ਵੱਲੋਂ ਕੀਤੀ ਗਈ। ਪ੍ਰੋਗਰਾਮ ਦਾ ਉਦਘਾਟਨ ਐਡਵੋਕੇਟ ਅਸ਼ਵਨੀ ਸਿੰਗਲਾ ਦਿਆਲਗੜ੍ਹ ਜੇਜੀਆ ਸਮਾਣਾ ਵੱਲੋਂ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ



ਵਿੱਚ ਡਾ. ਨਰਿੰਦਰ ਕੌਰ, ਨੋਡਲ ਅਫਸਰ ਰੈੱਡ ਰਿਬਨ ਕਲੱਬ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।

ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ,ਪ੍ਰੋਫੈਸਰ ਅਰਸ਼ਪ੍ਰੀਤ ਕੌਰ ਪ੍ਰੋਗਰਾਮ ਅਫਸਰ ਐਨ ਐਸ ਐਸ ਵਿਭਾਗ, ਪ੍ਰੋਫੈਸਰ ਤਰਨਪ੍ਰੀਤ ਕੌਰ, ਏਂ ਐਸ ਆਈ ਨਿਸ਼ਾਨ ਸਿੰਘ ਚੌਕੀ ਇੰਚਾਰਜ ਨਵਾ ਗਾਓ,ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਨੇ ਵੀ ਸ਼ਿਰਕਤ ਕੀਤੀ।

ਮੁੱਖ ਮਹਿਮਾਨ ਡੀ.ਐਸ.ਪੀ ਫਤਿਹ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਰਾਹੀਂ ਨਾ ਸਿਰਫ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ, ਸਗੋਂ ਸਮਾਜਿਕ ਜਾਗਰੂਕਤਾ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਵਾਤਾਵਰਣ ਦੀ ਸੁਰੱਖਿਆ ਦੋਵੇਂ ਇੱਕ ਦੂਜੇ ਨਾਲ ਜੁੜੇ ਹੋਏ ਹਨ। ਜੇਕਰ ਸਾਡਾ ਵਾਤਾਵਰਣ ਸ਼ੁੱਧ ਹੋਵੇਗਾ ਤਾਂ ਸਾਡੀ ਸੋਚ ਵੀ ਸ਼ੁੱਧ ਹੋਵੇਗੀ।
ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਨੂੰ ਸਹੀ ਸੇਧ ਦੇਣ।

ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਕਿਹਾ ਕਿ ਸਾਡੇ ਕਾਲਜ ਲਈ ਇਹ ਮਾਣ ਵਾਲੀ ਗੱਲ ਹੈ ਕਿ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਅਜਿਹਾ ਉਪਰਾਲਾ ਕੀਤਾ ਗਿਆ ਹੈ। ਵਿਦਿਆਰਥੀ ਹੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਫਲਦਾਰ ਬੂਟੇ ਲਗਾਉਣ ਨਾਲ ਜਿੱਥੇ ਵਾਤਾਵਰਣ ਸ਼ੁੱਧ ਹੋਵੇਗਾ, ਉੱਥੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਫਲ ਵੀ ਮਿਲਣਗੇ।

ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰਜ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਹਰਮਨਦੀਪ ਸਿੰਘ ਹਾਂਸ, ਐਸ ਪੀ ਹੈਡਕੁਆਰਟਰ ਰਾਜੇਸ਼ ਛਿੱਬਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੂਰੇ ਜ਼ਿਲ੍ਹੇ ਵਿੱਚ ਇਸ ਵਰਖਾ ਰੁੱਤ ਬਣੋਂ ਰੁੱਖ ਮਿੱਤਰ ਮੁਹਿੰਮ ਚਲਾਈ ਜਾ ਰਹੀ ਹੈ।

ਇਸ ਤਹਿਤ ਹੁਣ ਤੱਕ ਸੈਂਕੜੇ ਬੂਟੇ ਲਗਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜਿਵੇਂ ਅਸੀਂ ਆਪਣੇ ਬੱਚਿਆਂ ਦੀ ਪਾਲਣਾ ਕਰਦੇ ਹਾਂ, ਉਸੇ ਤਰ੍ਹਾਂ ਇਨ੍ਹਾਂ ਬੂਟਿਆਂ ਦੀ ਪਾਲਣਾ ਕਰਕੇ ਇਨ੍ਹਾਂ ਨੂੰ ਰੁੱਖ ਬਣਾਉਣਾ ਸਾਡਾ ਫਰਜ਼ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਵਾਤਾਵਰਣ ਸੰਭਾਲ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਕਾਲਜ ਅਤੇ ਆਲ਼ੇ ਦੁਆਲ਼ੇ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ।

# ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਆਪਣੇ ਪੈਨਸ਼ਨਰਾਂ ਅਤੇ ਫੈਮਿਲੀ ਪੈਨਸ਼ਨਰਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਅਹਿਮ ਫੈਸਲਾ

**ਪਟਿਆਲਾ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਇੰਜ: ਹਰਪਰਵੀਨ ਸਿੰਘ ਬਿੰਦਰਾ, ਵੰਡ ਪੱਛਮ ਜੋਨ ਬਠਿੰਡਾ, ਵਲੋਂ ਦੱਸਿਆ ਗਿਆ ਹੈ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਪੈਨਸ਼ਨਰਾਂ ਅਤੇ ਫੈਮਿਲੀ ਪੈਨਸ਼ਨਰਾਂ ਨੂੰ ਬਣਦੇ ਵਿੱਤੀ ਲਾਭ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਪੈਨਸ਼ਨ ਪੈਕੇਜ ਵਿੱਚ ਲੋੜੀਂਦਾ ਰਿਕਾਰਡ ਅਪਡੇਟ ਕਰਨ ਸਬੰਧੀ ਸਮੂਹ ਡੀ.ਡੀ.ਓਜ਼ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ।

ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਗੁਰਕਿਰਤ ਕਿਰਪਾਲ ਸਿੰਘ, ਆਈ.ਏ.ਐੱਸ., ਪੀ.ਐੱਸ.ਈ.ਬੀ. ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦਰਮਿਆਨ ਹੋਈ ਮੀਟਿੰਗ ਦੌਰਾਨ ਇਹ ਮਾਮਲਾ ਸਾਹਮਣੇ ਆਇਆ ਸੀ ਕਿ ਪੈਨਸ਼ਨ ਪੈਕੇਜ ਵਿੱਚ ਕੁਝ ਪੈਨਸ਼ਨਰਾਂ ਦੀ ਮੌਤ ਦੀ ਮਿਤੀ ਅਤੇ ਕੁਝ ਫੈਮਿਲੀ ਪੈਨਸ਼ਨਰਾਂ ਦੀ ਜਨਮ ਮਿਤੀ ਦਰਜ ਨਾ ਹੋਣ ਕਾਰਨ ਬੁਢਾਪਾ ਭੱਤਾ ਅਤੇ ਐਲ.ਟੀ.ਸੀ. ਵਰਗੇ ਬਣਦੇ ਲਾਭਾਂ ਦੀ ਅਦਾਇਗੀ ਵਿੱਚ ਦਿੱਕਤ ਆ ਰਹੀ ਹੈ

ਪੜਤਾਲ ਕਰਨ ਤੇ ਸਾਹਮਣੇ ਆਇਆ ਕਿ 2,109 ਪੈਨਸ਼ਨਰਾਂ ਦੀ ਮੌਤ ਦੀ ਮਿਤੀ ਅਤੇ 876 ਫੈਮਿਲੀ ਪੈਨਸ਼ਨਰਾਂ ਦੀ ਜਨਮ ਮਿਤੀ ਦਾ ਡਾਟਾ ਅਪਡੇਟ ਨਹੀਂ ਹੈ। ਇਸ ਕਾਰਨ ਕੁਝ ਯੋਗ ਪੈਨਸ਼ਨਰਾਂ ਨੂੰ *“ 3 ਅਤੇ ਬੁਢਾਪਾ ਭੱਤੇ ਸਮੇਤ ਹੋਰ ਬਣਦੇ ਲਾਭ ਪ੍ਰਾਪਤ ਕਰਨ ਵਿੱਚ ਮੁਸ਼ਕਿਲ ਆ ਰਹੀ ਸੀ।

ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆ ਪੀ.ਐੱਸ.ਪੀ.ਸੀ.ਐੱਲ. ਦੇ ਸੀਐੱਮਡੀ ਗੁਰਕਿਰਤ ਕਿਰਪਾਲ ਸਿੰਘ, ਆਈ.ਏ.ਐੱਸ., ਵੱਲੋਂ ਸਮੂਹ ਸਬੰਧਤ ਡੀ.ਡੀ.ਓਜ਼ ਨੂੰ ਉਕਤ ਕਾਰਵਾਈ 15 ਦਿਨਾਂ ਦੇ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ, ਤਾਂ ਜੋ ਪੈਨਸ਼ਨਰਾਂ ਅਤੇ ਫੈਮਿਲੀ ਪੈਨਸ਼ਨਰਾਂ ਨੂੰ ਬਣਦੇ ਵਿੱਤੀ ਲਾਭਾਂ ਦੀ ਅਦਾਇਗੀ ਸੁਚਾਰੂ ਢੰਗ ਨਾਲ ਯਕੀਨੀ ਬਣਾਈ ਜਾ ਸਕੇ।

ਜਿਸ ਸੰਬੰਧੀ ਮਿਤੀ 23 ਸਤੰਬਰ 2026 ਨੂੰ ਵਲੋਂ ਪੱਤਰ ਜਾਰੀ ਕਰਕੇ ਸਮੂਹ ਡੀ.ਡੀ.ਓਜ਼ ਨੂੰ ਹਦਾਇਤ ਕੀਤੀ ਹੈ ਕਿ ਪੈਨਸ਼ਨਰਾਂ ਦੇ ਰਿਕਾਰਡ ਦੀ ਤੁਰੰਤ ਜਾਂਚ ਕੀਤੀ ਜਾਵੇ ।ਲੋੜੀਂਦੇ ਦਸਤਾਵੇਜ਼ਾਂ ਦੇ ਆਧਾਰ ’ਤੇ ਰਿਕਾਰਡ ਵਿੱਚ ਡਾਟਾ ਤੁਰੰਤ ਅਪਡੇਟ ਕੀਤਾ ਜਾਵੇ ਅਤੇ ਜੇਕਰ ਕਿਸੇ ਪੈਨਸ਼ਨਰ ਦਾ ਕੋਈ ਦਸਤਾਵੇਜ਼ ਜਾਂ ਜਾਣਕਾਰੀ ਅਧੂਰੀ ਹੈ, ਤਾਂ ਦਫ਼ਤਰ ਵੱਲੋਂ ਖੁਦ ਸਬੰਧਤ ਪੈਨਸ਼ਨਰ ਨਾਲ ਸੰਪਰਕ ਕਰਕੇ ਕਮੀ ਨੂੰ ਪੂਰਾ ਕਰਵਾਇਆ ਜਾਵੇ।

# ‘ਮਾਨ ਦੇ ਮੁਨਾਫ਼ੇ’ ਮੁਹਿੰਮ ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਮੇਹਰਗੜ੍ਹ ਬੱਤੀ ਵਿੱਚ ਵਿਆਪਕ ਪੱਧਰ ’ਤੇ ਡੋਰ-ਟੂ-ਡੋਰ ਜਨਸੰਪਰਕ ਮੁਹਿੰਮ ਚਲਾਈ ਗਈ

**ਸਨੌਰ/ਮੇਹਰਗੜ੍ਹ ਬੱਤੀ, 26 ਸਤੰਬਰ, (ਗੁਰਮੀਤ ਸਿੰਘ ਤੁੰਗ):** ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ‘ਮਾਨ ਦੇ ਮੁਨਾਫ਼ੇ’ ਮੁਹਿੰਮ ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਮੇਹਰਗੜ੍ਹ ਬੱਤੀ ਵਿੱਚ ਵਿਆਪਕ ਪੱਧਰ ’ਤੇ ਡੋਰ-ਟੂ-ਡੋਰ ਜਨਸੰਪਰਕ ਮੁਹਿੰਮ ਚਲਾਈ ਗਈ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਖੁਦ ਪਿੰਡ ਦੀਆਂ ਗਲੀਆਂ ਅਤੇ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।



ਮੁਲਾਕਾਤ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਹਡਾਣਾ ਨੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਔਰਤਾਂ ਲਈ ਮੁਫ਼ਤ ਬੱਸ ਯਾਤਰਾ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਅਤੇ ਟੈਸਟ, ਸਰਕਾਰੀ ਸਕੂਲਾਂ ਵਿੱਚ ਮੁਫ਼ਤ ਸਿੱਖਿਆ ਅਤੇ ਮੁਫ਼ਤ ਤੀਰਥ ਯਾਤਰਾ ਵਰਗੀਆਂ ਗਾਰੰਟੀਆਂ ਰਾਹੀਂ ਹਰੇਕ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਦਾ ਸਿੱਧਾ ਲਾਭ ਮਿਲ ਰਿਹਾ ਹੈ। ਇਸ ਤੋਂ ਇਲਾਵਾ ਖੇਤਾਂ ਦੀਆਂ ਮੋਟਰਾਂ ਲਈ ਮੁਫ਼ਤ ਬਿਜਲੀ ਅਤੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਲਈ ?10 ਲੱਖ ਤੱਕ ਦਾ ਸਿਹਤ ਬੀਮਾ ਆਮ ਲੋਕਾਂ ਲਈ ਵੱਡਾ ਸੁਰੱਖਿਆ ਕਵਚ ਸਾਬਤ ਹੋ ਰਿ

ਇਸ ਮੌਕੇ ਪਿੰਡ ਮੇਹਰਗੜ੍ਹ ਬੱਤੀ ਦੇ ਵਸਨੀਕਾਂ ਨੇ ਮਾਨ ਸਰਕਾਰ ਦੇ ਲੋਕ-ਹਿਤੈਸ਼ੀ ਕੰਮਾਂ ’ਤੇ ਪੂਰਾ ਸੰਤੋਸ਼ ਅਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ ਜਿਸ ਨੇ ਆਮ ਨਾਗਰਿਕਾਂ ਦੀ ਜੇਬ ’ਤੇ ਪੈਣ ਵਾਲਾ ਖਰਚ ਘਟਾ ਕੇ ਬਚਤ ਯਕੀਨੀ ਬਣਾਈ ਹੈ। ਪਿੰਡ ਵਾਸੀਆਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੂੰ ਪੂਰਾ ਭਰੋਸਾ ਦਿਵਾਇਆ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਡਟ ਕੇ ਸਮਰਥਨ ਕਰਨਗੇ ਅਤੇ ਹਲਕੇ ਤੋਂ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸਰਕਾਰ ਬਣਾਉਣਗੇ। ਹਡਾਣਾ ਨੇ ਪਿੰਡ ਵਾਸੀਆਂ ਵੱਲੋਂ ਮਿਲੇ ਭਾਰੀ ਸਮਰਥਨ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੇ ਹਰੇਕ ਨਾਗਰਿਕ ਤੱਕ ਸਰਕਾਰੀ ਯੋਜਨਾਵਾਂ ਪਹੁੰਚਾਉਣਾ ਅਤੇ ਖੇਤਰ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਉਣਾ ਹੀ ਉਨ੍ਹਾਂ ਦਾ ਮੁੱਖ ਟੀਚਾ ਹੈ। ਇਸ ਮੌਕੇ ਬਲਾਕ ਕਮੇਟੀ ਮੈਂਬਰ ਮਨਦੀਪ ਸਿੰਘ ਬੱਤੀ, ਬਲਾਕ ਕਮੇਟੀ ਮੈਂਬਰ ਗੁਰਿੰਦਰ ਅਦਾਲਤੀ ਵਾਲਾ, ਬਲਾਕ ਪ੍ਰਧਾਨ ਅਮਨ ਸ਼ਾਦੀਪੁਰ, ਪ੍ਰਿੰਸੀਪਲ ਕਰਮਜੀਤ ਸਿੰਘ, ਐਮਸੀ ਵਿਕਾਸ ਅਟਵਾਲ ਤੋਂ ਇਲਾਵਾ ਪਿੰਡ ਦੇ ਪਤਵੰਤੇ, ਪਾਰਟੀ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮਾਲੇਰਕੋਟਲਾ ਪੁਲਿਸ ਵੱਲੋਂ ਅਪਰਾਧ ਅਤੇ ਨਸ਼ਿਆਂ ਦੀ ਰੋਕਥਾਮ ਲਈ ਫਲੈਗ ਮਾਰਚ



**ਮਲੇਰਕੋਟਲਾ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਮਾਲੇਰਕੋਟਲਾ ਪੁਲਿਸ ਵੱਲੋਂ ਵੀਰਵਾਰ ਨੂੰ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਫਲੈਗ ਮਾਰਚ ਕੀਤਾ ਗਿਆ। ਇਸ ਦਾ ਮਕਸਦ ਲੋਕਾਂ ਨੂੰ ਸੁਰੱਖਿਆ ਦਾ ਭਰੋਸਾ ਦਿਵਾਉਣ ਦੇ ਨਾਲ-ਨਾਲ ਅਪਰਾਧੀਆਂ, ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਨੂੰਨ-ਵਿਵਸਥਾ ਨਾਲ ਖਿਲਵਾੜ ਨਾ ਕਰਨ ਦਾ ਸਪੱਸ਼ਟ ਸੰਦੇਸ਼ ਦੇਣਾ ਸੀ। ਫਲੈਗ ਮਾਰਚ ਦੀ ਅਗਵਾਈ ਡੀ.ਐੱਸ.ਪੀ. ਮਾਲੇਰਕੋਟਲਾ ਸਬ-ਡਿਵੀਜ਼ਨ ਮਨਵਜੀਤ ਸਿੱਧੂ ਅਤੇ ਡੀ.ਐੱਸ.ਪੀ. ਸੁਮਿਤ ਸੂਦ ਨੇ ਕੀਤੀ। ਇਸ ਮੌਕੇ ਥਾਣਾ ਸਿਟੀ-1, ਥਾਣਾ ਸਿਟੀ-2 ਅਤੇ ਥਾਣਾ ਸੰਦੌਰ ਦੇ ਐੱਸ.ਐੱਚ.ਓਜ਼ ਤੋਂ ਇਲਾਵਾ ਟ੍ਰੈਫਿਕ ਵਿੰਗ ਅਤੇ ਪੀ.ਸੀ.ਆਰ. ਵਿੰਗ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਰਹੇ। ਪੁਲਿਸ ਟੀਮ ਵੱਲੋਂ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਹੋਰ ਸੰਵੇਦਨਸ਼ੀਲ ਇਲਾਕਿਆਂ ਵਿੱਚ ਮਾਰਚ ਕਰਦਿਆਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਐੱਸ.ਐੱਸ.ਪੀ. ਮਾਲੇਰਕੋਟਲਾ ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਤਿਉਹਾਰ ਖੁਸ਼ੀ ਅਤੇ ਉਤਸ਼ਾਹ ਦਾ ਸਮਾਂ ਹੁੰਦੇ ਹਨ ਅਤੇ ਹਰ ਨਾਗਰਿਕ ਨੂੰ ਸੁਰੱਖਿਅਤ ਤੇ ਸ਼ਾਂਤਮਈ ਮਾਹੌਲ ਵਿੱਚ ਤਿਉਹਾਰ ਮਨਾਉਣ ਦਾ ਹੱਕ ਹੈ। ਉਨ੍ਹਾਂ ਕਿਹਾ, ਮਾਲੇਰਕੋਟਲਾ ਪੁਲਿਸ ਲੋਕਾਂ ਦੇ ਨਾਲ ਖੜ੍ਹੀ ਹੈ। ਇਸ ਦੇ ਨਾਲ ਹੀ ਅਪਰਾਧ, ਨਸ਼ਾ ਤਸਕਰੀ ਜਾਂ ਅਮਨ-ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਨੂੰ ਪ੍ਰਭਾਵਿਤ ਕਰਨ ਵਾਲੀ ਕਿਸੇ ਵੀ ਗਤੀਵਿਧੀ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।
ਐੱਸ.ਐੱਸ.ਪੀ. ਨੇ ਕਿਹਾ ਕਿ ਤਿਉਹਾਰਾਂ ਦੇ ਦੌਰਾਨ ਬਾਜ਼ਾਰਾਂ, ਭੀੜ-ਭਾੜ ਵਾਲੇ ਇਲਾਕਿਆਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ ’ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇਗੀ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਲਿਸ ਗਸ਼ਤ ਵਿੱਚ ਹੋਰ ਵਾਧਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 112 ਹੈਲਪਲਾਈਨ ਰਾਹੀਂ ਚੱਲ ਰਹੇ ਐਮਰਜੈਂਸੀ ਰਿਸਪਾਂਸ ਵਾਹਨ ( Emergency Response Vehicles (ERVs) ਅਤੇ ਪੀ.ਸੀ.ਆਰ ਵਾਹਨਾਂ ਦੇ ਪ੍ਰਬੰਧ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਤਾਂ ਜੋ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਲੋਕਾਂ ਨੂੰ 24 ਘੰਟੇ ਪੁਲਿਸ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤੁਰੰਤ ਪੁਲਿਸ ਸਹਾਇਤਾ ਲਈ ਨਾਗਰਿਕ 112 ’ਤੇ ਕਾਲ ਕਰ ਸਕਦੇ ਹਨ ਅਤੇ ERV ਵੱਲੋਂ ਲਗਭਗ 5 ਮਿੰਟਾਂ ਦੇ ਅੰਦਰ ਮੌਕੇ ’ਤੇ ਪਹੁੰਚਣ ਦਾ ਪ੍ਰਬੰਧ ਕੀਤਾ ਗਿਆ ਹੈ।

# ਬਹਿਰੀਨ ਦੀ ਔਰਤ ਨੂੰ ਮਿਲੇ ਕਥਿਤ ਵੀਆਈਪੀ ਟ੍ਰੀਟਮੈਂਟ ’ਤੇ ਬਲਜਿੰਦਰ ਕੌਰ ਨੇ ਬਾਦਲ ਪਰਿਵਾਰ ਤੋਂ ਮੰਗਿਆ ਜਵਾਬ

**ਲੁਧਿਆਣਾ, 26 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਆਮ ਆਦਮੀ ਪਾਰਟੀ ਪੰਜਾਬ ਦੀ ਚੀਫ਼ ਵ੍ਹਿਪ ਤੇ ਵਿਧਾਇਕ ਬਲਜਿੰਦਰ ਕੌਰ ਨੇ ਸ਼੍ਰੀ ਅਨੰਦਪੁਰ ਸਾਹਿਬ ਦੀ ਐੱਸਜੀਪੀਸੀ ਸਰਾਏ ਵਿੱਚ ਬਹਿਰੀਨ ਦੀ ਇੱਕ ਔਰਤ ਦੇ ਲੰਬੇ ਸਮੇਂ ਤੱਕ ਠਹਿਰਨ ਅਤੇ ਕਥਿਤ ਵੀਆਈਪੀ ਸਹੂਲਤਾਂ ਮਿਲਣ ਦੇ ਮਾਮਲੇ ’ਤੇ ਸੁਖਬੀਰ ਸਿੰਘ ਬਾਦਲ ਤੇ ਹਰਸਿਮਰਤ ਕੌਰ ਬਾਦਲ ਦੀ ਚੁੱਪੀ ’ਤੇ ਸਵਾਲ ਉਠਾਏ ਹਨ।

ਉਨ੍ਹਾਂ ਕਿਹਾ ਕਿ ਆਮ ਸ਼ਰਧਾਲੂਆਂ ਨੂੰ ਸਰਾਏ ਵਿੱਚ ਕਮਰਾ ਲੈਣ ਲਈ ਸਿਫ਼ਾਰਸ਼ਾਂ ਦੀ ਲੋੜ ਪੈਂਦੀ ਹੈ, ਫਿਰ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਉਕਤ ਔਰਤ ਨੂੰ ਲੰਬੇ ਸਮੇਂ ਦੀ ਰਿਹਾਇਸ਼, ਡਰਾਈਵਰ ਅਤੇ ਕਥਿਤ ਵੀਆਈਪੀ ਟ੍ਰੀਟਮੈਂਟ ਕਿਸ ਨੇ ਮੁਹੱਈਆ ਕਰਵਾਇਆ ਅਤੇ ਇਸ ਦਾ ਖਰਚਾ ਕਿਸ ਨੇ ਚੁੱਕਿਆ।



ਬਲਜਿੰਦਰ ਕੌਰ ਨੇ ਦਾਅਵਾ ਕੀਤਾ ਕਿ ਔਰਤ ਵੱਲੋਂ ਆਪਣੀਆਂ ਸ਼ਿਕਾਇਤਾਂ ਅਕਾਲੀ ਦਲ ਅਤੇ ਐੱਸਜੀਪੀਸੀ ਦੇ ਆਗੂਆਂ ਕੋਲ ਰੱਖਣ ਦੇ ਬਾਵਜੂਦ ਮਾਮਲੇ ’ਤੇ ਕਾਰਵਾਈ ਕਿਉਂ ਨਹੀਂ ਹੋਈ, ਇਸ ਬਾਰੇ ਵੀ ਸਪੱਸ਼ਟੀਕਰਨ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਸੁਖਬੀਰ ਸਿੰਘ ਬਾਦਲ ਅਤੇ ਹਰਸਿਮਰਤ ਕੌਰ ਬਾਦਲ ਤੋਂ ਮਾਮਲੇ ਦੀ ਪੂਰੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿਹਤ ਕਾਰਡ ਵੰਡੇ



**ਸ੍ਰੀ ਆਨੰਦਪੁਰ ਸਾਹਿਬ, 26 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਯਤਨਾਂ ਸਦਕਾ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਅੱਜ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ-ਵੱਖ ਵਾਰਡਾਂ ਦੇ ਵਸਨੀਕਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡੇ ਗਏ।

ਨਗਰ ਕੌਂਸਲ ਦਫ਼ਤਰ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪ ਦੌਰਾਨ ਯੋਗ ਲਾਭਪਾਤਰੀਆਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰਨ ਵਾਲੇ ਸਿਹਤ ਕਾਰਡ ਮੁਹੱਈਆ ਕਰਵਾਏ ਗਏ।

ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ, ਕਾਰਜ ਸਾਧਕ ਅਫ਼ਸਰ ਗੁਰਦੀਪ ਸਿੰਘ, ਸੋਹਣ ਸਿੰਘ ਬੈਂਸ, ਸੈਨੇਟਰੀ ਇੰਸਪੈਕਟਰ ਬਹਾਦਰ ਸਿੰਘ, ਲੇਖਾਕਾਰ ਸਿਮਰਨਪਾਲ ਸਿੰਘ, ਐਡਵੋਕੇਟ ਮਨਦੀਪ ਸਿੰਘ ਸੀ.ਐਫ. ਅਤੇ ਸਮੂਹ ਟੀਮ ਵੱਲੋਂ ਸਮੂਹ ਕੌਂਸਲਰਾਂ ਅਤੇ ਭਾਈ ਜੈਤਾ ਜੀ ਸਰਕਾਰੀ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ.ਹਰਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਦੇ ਸਹਿਯੋਗ ਨਾਲ ਕਾਰਡ ਵੰਡਣ ਦੀ ਪ੍ਰਕਿਰਿਆ ਮੁਕੰਮਲ ਕੀਤੀ ਗਈ। ਕੈਂਪ ਦੌਰਾਨ ਲੋਕਾਂ ਨੂੰ ਯੋਜਨਾ ਸਬੰਧੀ ਜਾਣਕਾਰੀ ਵੀ ਦਿੱਤੀ ਗਈ ਅਤੇ ਸਿਹਤ ਸਹੂਲਤਾਂ ਦਾ ਲਾਭ ਲੈਣ ਲਈ ਜਾਗਰੂਕ ਕੀਤਾ ਗਿਆ।

ਇਸ ਮੌਕੇ ਸ਼ਹਿਰ ਵਾਸੀਆਂ ਨੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿਹਤ ਬੀਮਾ ਯੋਜਨਾ ਆਮ ਲੋਕਾਂ ਲਈ ਮਹੱਤਵਪੂਰਨ ਸਹੂਲਤ ਹੈ।

ਉਨ੍ਹਾਂ ਕਿਹਾ ਕਿ ਆਰਥਿਕ ਤੰਗੀ ਕਾਰਨ ਕਈ ਪਰਿਵਾਰ ਗੰਭੀਰ ਬਿਮਾਰੀਆਂ ਦਾ ਮਹਿੰਗਾ ਇਲਾਜ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਸਨ। ਇਸ ਯੋਜਨਾ ਰਾਹੀਂ ਯੋਗ ਪਰਿਵਾਰਾਂ ਨੂੰ ਇਲਾਜ ਲਈ ਵਿੱਤੀ ਸਹਾਇਤਾ ਮਿਲਣ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਹ ਸਮੇਂ ਸਿਰ ਆਪਣਾ ਇਲਾਜ ਕਰਵਾ ਸਕਣਗੇ।

ਇਸ ਮੌਕੇ ਜਤਿਨ ਕੌਸ਼ਲ ਸੀਨੀਅਰ ਮੀਤ ਪ੍ਰਧਾਨ, ਹਰਪਾਲ ਕੌਰ ਮੀਤ ਪ੍ਰਧਾਨ, ਕੌਂਸਲਰ ਇੰਦਰਜੀਤ ਸਿੰਘ ਅਰੋੜਾ, ਕੌਂਸਲਰ ਦੀਪਕ ਆਂਗਰਾ, ਕੌਂਸਲਰ ਸੁਖਦੇਵ ਸਿੰਘ ਬੀਟੀ, ਇੰਦਰਜੀਤ ਸਿੰਘ ਅਰੋੜਾ ਰਿੰਕੂ, ਅਰਸ਼ਵਿੰਦਰ ਕੌਰ, ਕਮਲਜੀਤ ਸਿੰਘ, ਕਮਲਜੀਤ ਸਿੰਘ ਭੱਟੀ ਸਾਬਕਾ ਕੌਂਸਲਰ, ਚੇਅਰਮੈਨ ਰਵੀ ਹੰਸ, ਮਿੰਨੀ ਹੰਸ, ਆਸ਼ਾ ਵਰਕਰ ਪੁਨੀਤ ਕੌਰ, ਪੂਨਮ ਕੁਮਾਰੀ, ਕੁਲਵੰਤ ਕੌਰ, ਨਿਰਮਲਾ ਦੇਵੀ, ਹੀਨਾ, ਕਾਂਤਾ ਦੇਵੀ, ਸੁਖਵਿੰਦਰ ਕੌਰ, ਸੋਨੀਆ ਦੇਵੀ, ਸੁਨੀਤਾ, ਸਰੋਜ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala




# ਹਰਿਆਣਾ ਖ਼ਬਰਨਾਮਾ



## ਆਮ ਜਨਤਾ ਦੀ ਸਹੂਲਤ ਲਈ ਸ਼ਹਿਰੀ ਖੇਤਰਾਂ ਵਿੱਚ 1646 ਵਾਰਡ ਕਮੇਟੀਆਂ ਗਠਿਤ ਕੀਤੀਆਂ : ਮੁੱਖ ਮੰਤਰੀ

➤ ਸ਼ਹਿਰੀ ਸੰਸਥਾਵਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਸਿਸਟਮ, ਵਾਰਡ ਕਮੇਟੀਆਂ ਦੇ ਗਠਨ, ਸਵੱਛਤਾ ਪੱਖਵਾੜਾ ਕੈਲੰਡਰ ਸਮੇਤ ਵੱਖ-ਵੱਖ ਵਿਸ਼ਿਆਂ ਦੀ ਸਮੀਖਿਆ ਮੀਟਿੰਗ ਵਿੱਚ ਦਿੱਤੇ ਨਿਰਦੇਸ਼ ➤ ਆਮ ਜਨਤਾ ਨੂੰ ਕੀਤੀ ਅਪੀਲ, ਸਫਾਈ ਅਤੇ ਕੂੜਾ ਇਕੱਠਾ ਕਰਨ ਆਦਿ ਦੇ ਸੰਬੰਧ ਵਿੱਚ ਵਾਰਡ ਕਮੇਟੀਆਂ ਦੇ ਵਟਸਐਪ ਨੰਬਰ 'ਤੇ ਕਰੋ ਸ਼ਿਕਾਇਤ, ਹੋਵੇਗਾ ਸਮਾਂਬੱਧ ਹੱਲ

**ਚੰਡੀਗੜ੍ਹ 26 ਸਤੰਬਰ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਜਨਤਾ ਦੀ ਸਹੂਲਤ ਅਤੇ ਸ਼ਿਕਾਇਤਾਂ ਦੇ ਹੱਲ ਲਈ ਸੂਬੇ ਦੀਆਂ ਸਾਰੀਆਂ ਸ਼ਹਿਰੀ ਸੰਸਥਾਵਾਂ ਵਿੱਚ 1646 ਵਾਰਡ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਕੋਈ ਵੀ ਵਿਅਕਤੀ ਸਫਾਈ ਅਤੇ ਕੂੜਾ ਇਕੱਠਾ ਕਰਨ ਦੇ ਸਬੰਧ ਵਿੱਚ ਇਹਨਾਂ ਵਾਰਡ ਕਮੇਟੀਆਂ ਦੇ ਵਟਸਐਪ ਨੰਬਰ 'ਤੇ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਜਿਸ ਦਾ ਸਮਾਂਬੱਧ ਹੱਲ ਕੀਤਾ ਜਾਵੇਗਾ। ਇਸੇ ਤਰ੍ਹਾਂ ਘਰ-ਘਰ ਕੂੜਾ ਚੁੱਕਣ ਵਾਲੇ ਵਾਹਨਾਂ ਦੀ ਨਿਗਰਾਨੀ ਲਈ 87 ਵਿੱਚੋਂ 83 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 4ਜੀ ਅਤੇ 5ਜੀ ਨੈਟਵਰਕ ਵਾਲੀ ਜੀਪੀਐਸ ਪ੍ਰਣਾਲੀ ਵਾਲੇ ਵਾਹਨ ਚਲਾਏ ਜਾ ਰਹੇ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਬਾਕੀ ਚਾਰ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਵੀ ਇਸ ਪ੍ਰਕਿਰਿਆ ਨੂੰ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸੂਬੇ ਦੀਆਂ ਸ਼ਹਿਰੀ ਸੰਸਥਾਵਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਸਿਸਟਮ, ਰੂਟ ਮੈਪਿੰਗ, ਮਸ਼ੀਨਰੀ ਦੀ ਉਪਲਬਧਤਾ, ਪੋਰਟਲ ਰਾਹੀਂ ਭੁਗਤਾਨ, ਵਾਰਡ ਕਮੇਟੀਆਂ ਦੇ ਗਠਨ, ਸਵੱਛਤਾ ਪੱਖਵਾੜਾ ਕੈਲੰਡਰ, ਬਲਕ ਵੇਸਟ ਜਨਰੇਟਰਜ਼ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਅਤੇ ਐਨਜੀਓ ਮੈਪਿੰਗ ਐਂਡ ਐਮਓਯੂ ਸਮੇਤ ਵੱਖ-ਵੱਖ ਵਿਸ਼ਿਆਂ ਦੀ ਸਮੀਖਿਆ ਕਰ ਰਹੇ ਸਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸ਼ਹਿਰਾਂ ਵਿੱਚ ਸਫਾਈ ਵਿਵਸਥਾ ਨੂੰ ਹੋਰ ਪ੍ਰਭਾਵੀ ਅਤੇ ਜਵਾਬਦੇਹ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਪਿਛਲੀਆਂ ਮੀਟਿੰਗਾਂ ਵਿੱਚ ਦਿੱਤੇ ਗਏ ਨਿਰਦੇਸ਼ਾਂ ਅਤੇ ਸੀਐਮਜੀਜੀਏ ਦੀਆਂ ਸਿਫਾਰਸ਼ਾਂ 'ਤੇ ਕੀਤੀ ਗਈ ਕਾਰਵਾਈ ਦੀ ਵੀ ਸਮੀਖਿਆ ਕੀਤੀ ਗਈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਘਰ-ਘਰ ਕੂੜਾ ਇਕੱਠਾ ਕਰਨ ਲਈ ਰੂਟ ਮੈਪਿੰਗ ਦੀ ਸਥਿਤੀ ਦੀ ਵੀ ਸਮੀਖਿਆ ਕੀਤੀ। ਸ਼ਹਿਰੀ ਸਥਾਨਕ ਨਿਗਮ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ਼੍ਰੀ ਅਸ਼ੋਕ ਕੁਮਾਰ ਮੀਣਾ ਨੇ ਦੱਸਿਆ ਕਿ ਜੂਨ ਵਿੱਚ ਜਿੱਥੇ ਸੂਬੇ ਦੀਆਂ 87 ਵਿੱਚੋਂ ਸਿਰਫ 28 ਸ਼ਹਿਰੀ ਸਥਾਨਕ ਸਰਕਾਰਾਂ ਵਿੱਚ 100% ਰੂਟ ਮੈਪਿੰਗ ਦਾ ਕੰਮ ਪੂਰਾ ਹੋਇਆ ਸੀ, ਉੱਥੇ ਹੀ 20 ਸਤੰਬਰ ਤੱਕ ਇਹ ਗਿਣਤੀ ਵਧ ਕੇ 66 ਹੋ ਗਈ ਹੈ।

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਹਰੇਕ ਵਾਰਡ ਦੇ ਰੂਟ ਮੈਪਿੰਗ ਵਿੱਚ ਸਬੰਧਤ ਕੂੜਾ ਇਕੱਠਾ ਕਰਨ ਵਾਲਾ ਵਾਹਨ, ਉਸ ਦਾ ਸਮਾਂ ਅਤੇ ਡਰਾਈਵਰ ਦਾ ਸੰਪਰਕ ਨੰਬਰ ਸ਼ਾਮਲ ਕੀਤਾ ਜਾਵੇ। ਇਹ ਜਾਣਕਾਰੀ ਸਬੰਧਤ ਵਾਰਡ ਕਮੇਟੀ ਦੇ ਵਟਸਐਪ ਗਰੁੱਪ ਵਿੱਚ ਸਾਂਝੀ ਕੀਤੀ ਜਾਵੇ, ਤਾਂ ਜੋ ਘਰ-ਘਰ ਕੂੜਾ ਇਕੱਠਾ ਕਰਨ ਦੀ ਵਿਵਸਥਾ ਦੀ ਪ੍ਰਭਾਵੀ ਨਿਗਰਾਨੀ ਹੋ ਸਕੇ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸੇਵਾ ਪ੍ਰਦਾਨ ਕਰਨ ਵਾਲੀਆਂ ਏਜੰਸੀਆਂ ਨੂੰ ਭੁਗਤਾਨ ਸਿਰਫ਼ ਸੋਲਿਡ ਵੇਸਟ ਮੈਨੇਜਮੈਂਟ ਪੋਰਟਲ ਰਾਹੀਂ ਹੀ ਕੀਤਾ ਜਾਵੇ। ਭੁਗਤਾਨ ਵਿੱਚ ਬੇਲੋੜੀ ਦੇਰੀ ਕਰਨ ਵਾਲੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਲੋੜ ਅਨੁਸਾਰ ਜੁਰਮਾਨੇ ਦੀ ਵਿਵਸਥਾ ਕੀਤੀ ਜਾਵੇ।

**ਵਾਰਡ ਕਮੇਟੀਆਂ ਨੂੰ ਸਫਾਈ ਵਿਵਸਥਾ ਵਿੱਚ ਸਰਗਰਮ ਭੂਮਿਕਾ ਦੇਣ 'ਤੇ ਜ਼ੋਰ:**

ਅਧਿਕਾਰੀਆਂ ਨੇ ਦੱਸਿਆ ਕਿ ਸਤੰਬਰ ਤੱਕ 87 ਵਿੱਚੋਂ 86 ਸ਼ਹਿਰੀ ਸਥਾਨਕ ਸਰਕਾਰਾਂ ਵਿੱਚ 1,646 ਵਾਰਡ ਕਮੇਟੀਆਂ ਗਠਿਤ ਕੀਤੀਆਂ ਜਾ ਚੁੱਕੀਆਂ ਹਨ ਜੋ ਪੂਰੀ ਤਰ੍ਹਾਂ ਸਰਗਰਮ ਹਨ। ਵਾਰਡ ਕਮੇਟੀਆਂ ਦੇ ਮੈਂਬਰਾਂ ਨੂੰ ਪਛਾਣ ਪੱਤਰ ਵੀ ਮੁਹੱਈਆ ਕਰਵਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਵਾਰਡ ਕਮੇਟੀਆਂ ਨੂੰ ਸਫਾਈ ਵਿਵਸਥਾ ਦੀ ਨਿਗਰਾਨੀ, ਸਥਾਨਕ ਸਮੱਸਿਆਵਾਂ ਦੀ ਪਛਾਣ ਅਤੇ ਨਾਗਰਿਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਵਿੱਚ ਸਰਗਰਮ ਭੂਮਿਕਾ ਦੇਣ 'ਤੇ ਜ਼ੋਰ ਦਿੱਤਾ।

**ਸ਼੍ਰੇਸ਼ਠ ਵਾਰਡ ਕਮੇਟੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਕੀਤਾ ਜਾਵੇਗਾ ਸਨਮਾਨਿਤ:**

ਮੁੱਖ ਮੰਤਰੀ ਨੇ ਕਿਹਾ ਕਿ ਵਾਰਡ ਕਮੇਟੀਆਂ ਵਿਚਕਾਰ ਸਫਾਈ ਦੇ ਖੇਤਰ ਵਿੱਚ ਬਿਹਤਰ ਪ੍ਰਦਰਸ਼ਨ ਲਈ ਸਿਹਤਮੰਦ ਮੁਕਾਬਲੇ ਨੂੰ ਉਤਸ਼ਾਹਿਤ ਕਰਨ ਵਾਸਤੇ ਬਿਹਤਰ ਪ੍ਰਦਰਸ਼ਨ ਕਰਨ ਵਾਲੀਆਂ ਵਾਰਡ ਕਮੇਟੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਇਨਾਮ ਦੇਣ ਦੀ ਵਿਵਸਥਾ ਕੀਤੀ ਜਾਵੇ। ਅਧਿਕਾਰੀਆਂ ਨੇ ਦੱਸਿਆ ਕਿ ਇਸ ਲਈ ਹਰਿਆਣਾ ਸਵੱਛ ਲੀਗ ਰਾਹੀਂ ਪ੍ਰਤੀਯੋਗੀ ਅਤੇ ਰੈਂਕਿੰਗ ਆਧਾਰਿਤ ਸਫਾਈ ਵਿਵਸਥਾ ਵਿਕਸਿਤ ਕੀਤੀ ਜਾ ਰਹੀ ਹੈ। ਇਸ ਵਿਵਸਥਾ ਦੇ ਤਹਿਤ ਬਿਹਤਰ ਪ੍ਰਦਰਸ਼ਨ ਕਰਨ ਵਾਲੀਆਂ ਵਾਰਡ ਕਮੇਟੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਤਿਮਾਹੀ ਆਧਾਰ 'ਤੇ ਇਨਾਮ ਦਿੱਤਾ ਜਾਵੇਗਾ।

ਕਮਿਸ਼ਨਰ ਅਤੇ ਸਕੱਤਰ ਨੇ ਦੱਸਿਆ ਕਿ ਸਾਰੇ 23 ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਲਈ ਠੋਸ ਵੇਸਟ ਪ੍ਰਬੰਧਨ ਪੋਰਟਲ 'ਤੇ ਯੂਜ਼ਰ ਆਈਡੀ ਬਣਾਈ ਜਾ ਚੁੱਕੀ ਹੈ। ਸੂਬੇ ਦੇ 23 ਜ਼ਿਲ੍ਹਿਆਂ ਵਿੱਚੋਂ 21 ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਵਿਸ਼ੇਸ਼ ਸੈਲਾਂ ਦਾ ਗਠਨ ਕੀਤਾ ਜਾ ਚੁੱਕਾ ਹੈ। ਚਰਖੀ ਦਾਦਰੀ ਅਤੇ ਪਲਵਲ ਵਿੱਚ ਇਹਨਾਂ ਸੈਲਾਂ ਦੇ ਗਠਨ ਦੀ ਪ੍ਰਕਿਰਿਆ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਬਾਕੀ ਦੋਵਾਂ ਜ਼ਿਲ੍ਹਿਆਂ ਵਿੱਚ ਵੀ ਗਠਨ ਦੀ ਪ੍ਰਕਿਰਿਆ ਜਲਦੀ ਪੂਰੀ ਕਰਨ ਅਤੇ ਨਿਯਮਾਂ ਦੀ ਪ੍ਰਭਾਵੀ ਪਾਲਣਾ ਦੀ ਨਿਯਮਤ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ।

**ਸਵੱਛਤਾ ਪੱਖਵਾੜੇ ਵਿੱਚ ਵਾਰਡ ਕਮੇਟੀਆਂ ਦੀ ਭਾਗੀਦਾਰੀ ਯਕੀਨੀ:**

ਅਧਿਕਾਰੀਆਂ ਨੇ ਦੱਸਿਆ ਕਿ ਕੇਂਦਰੀ ਹਾਊਸਿੰਗ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੇ 'ਸਵੱਛਤਾ ਹੀ ਸੇਵਾ-2026' ਕੈਲੰਡਰ ਨੂੰ ਹਰਿਆਣਾ ਵਿੱਚ ਵੀ ਅਪਣਾਇਆ ਜਾ ਰਿਹਾ ਹੈ। ਇਸ ਦੇ ਤਹਿਤ 17 ਸਤੰਬਰ ਤੋਂ 2 ਅਕਤੂਬਰ ਤੱਕ ਵਿਸ਼ੇਸ਼ ਸਵੱਛਤਾ ਪੱਖਵਾੜਾ ਆਯੋਜਿਤ ਕੀਤਾ ਜਾ ਰਿਹਾ ਹੈ। ਸਵੱਛਤਾ ਅਭਿਆਨ ਵਿੱਚ ਵਾਰਡ ਕਮੇਟੀਆਂ ਦੀ ਭਾਗੀਦਾਰੀ ਲਈ ਰਾਜ ਪੱਧਰ 'ਤੇ ਕਾਰਜਯੋਜਨਾ ਤਿਆਰ ਕੀਤੀ ਗਈ ਹੈ। ਇਸ ਦੌਰਾਨ ਬਿਹਤਰ ਪ੍ਰਦਰਸ਼ਨ ਕਰਨ ਵਾਲੀਆਂ ਵਾਰਡ ਕਮੇਟੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸੂਬੇ ਵਿੱਚ ਸਾਰੇ ਬਲਕ ਵੇਸਟ ਜਨਰੇਟਰਾਂ ਦੀ ਪਛਾਣ ਕਰਕੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਪੋਰਟਲ 'ਤੇ ਇਹਨਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾਵੇ। ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਥੋਕ ਕੂੜਾ ਉਤਪਾਦਕਾਂ ਵਿਰੁੱਧ ਨਿਰਧਾਰਿਤ ਪ੍ਰਬੰਧਾਂ ਅਨੁਸਾਰ ਦੰਡਾਤਮਕ ਕਾਰਵਾਈ ਯਕੀਨੀ ਬਣਾਈ ਜਾਵੇ।

ਕਮਿਸ਼ਨਰ ਅਤੇ ਸਕੱਤਰ ਨੇ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਵਿੱਚ ਸਫਾਈ ਅਤੇ ਭਾਈਚਾਰਕ ਭਾਗੀਦਾਰੀ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਗੈਰ-ਸਰਕਾਰੀ ਨਿਗਮਾਂ ਦੀ ਪਛਾਣ ਕੀਤੀ ਜਾ ਰਹੀ ਹੈ। ਇਹਨਾਂ ਸੰਸਥਾਵਾਂ ਨੂੰ ਸਬੰਧਤ ਸ਼ਹਿਰੀ ਸਥਾਨਕ ਸਰਕਾਰਾਂ ਅਤੇ ਵਾਰਡ ਕਮੇਟੀਆਂ ਨਾਲ ਜੋੜ ਕੇ ਠੋਸ ਵੇਸਟ ਪ੍ਰਬੰਧਨ ਅਤੇ ਸਵੱਛਤਾ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਪਹਿਲਾਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਗੈਰ-ਸਰਕਾਰੀ ਸੰਸਥਾਵਾਂ ਦੀ ਭਾਗੀਦਾਰੀ ਨੂੰ ਸੰਸਥਾਗਤ ਰੂਪ ਦੇਣ ਲਈ ਰਾਜ ਪੱਧਰ 'ਤੇ ਇੱਕ ਡਰਾਫਟ ਸਮਝੌਤਾ ਪੱਤਰ (ਐਮਓਯੂ) ਤਿਆਰ ਕੀਤਾ ਗਿਆ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਪ੍ਰਦੇਸ਼ ਦੀਆਂ ਸ਼ਹਿਰੀ ਸਥਾਨਕ ਸਰਕਾਰਾਂ ਵਿੱਚ ਮਾਨਵ ਸੰਸਾਧਨ ਅਤੇ ਮਸ਼ੀਨਰੀ ਦੀ ਉਪਲਬਧਤਾ ਵਿੱਚ ਲਗਾਤਾਰ ਸੁਧਾਰ ਕੀਤਾ ਗਿਆ ਹੈ।

ਸਤੰਬਰ ਤੱਕ ਪ੍ਰਦੇਸ਼ ਦੀਆਂ 87 ਸ਼ਹਿਰੀ ਸਥਾਨਕ ਸਰਕਾਰਾਂ ਵਿੱਚੋਂ 65 ਵਿੱਚ ਮਾਨਵ ਸੰਸਾਧਨ ਦੀ ਘਾਟ ਦੂਰ ਕੀਤੀ ਜਾ ਚੁੱਕੀ ਹੈ, ਜਦਕਿ 68 ਸ਼ਹਿਰੀ ਸਥਾਨਕ ਸਰਕਾਰਾਂ ਵਿੱਚ ਮਸ਼ੀਨਰੀ ਦੀ ਘਾਟ ਦੂਰ ਕੀਤੀ ਜਾ ਚੁੱਕੀ ਹੈ। ਮੁੱਖ ਮੰਤਰੀ ਨੇ ਬਾਕੀ ਘਾਟ ਨੂੰ ਵੀ ਨਿਰਧਾਰਿਤ ਸਮੇਂ ਵਿੱਚ ਦੂਰ ਕਰਨ ਅਤੇ ਇਸ ਦੀ ਨਿਯਮਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਹਰਿਆਣਾ ਦੇ ਕਾਲਜਾਂ ਵਿੱਚ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਦਾਖਲਿਆਂ ਦੀ ਅੰਤਿਮ ਮਿਤੀ 6 ਅਕਤੂਬਰ ਤੱਕ ਵਧੀ

**ਚੰਡੀਗੜ੍ਹ, 26 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੇ ਉੱਚ ਸਿੱਖਿਆ ਵਿਭਾਗ ਨੇ ਰਾਜ ਦੇ ਵਿਦਿਆਰਥੀਆਂ ਦੇ ਹਿੱਤ ਵਿੱਚ ਇੱਕ ਵੱਡਾ ਫੈਸਲਾ ਲੈਂਦੇ ਹੋਏ ਅਕਾਦਮਿਕ ਸੈਸ਼ਨ 2026-27 ਦੇ ਦਾਖਲਿਆਂ ਦੀ ਅੰਤਿਮ ਮਿਤੀ ਵਧਾ ਦਿੱਤੀ ਹੈ।

ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਦੇ ਸਾਰੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਅਤੇ ਸਵੈ-ਵਿੱਤੀ (ਸੈਲਫ-ਫਾਈਨਾਂਸ) ਕਾਲਜਾਂ ਵਿੱਚ ਗ੍ਰੈਜੂਏਟ (ਯੂਜੀ) ਅਤੇ ਪੋਸਟ ਗ੍ਰੈਜੂਏਟ (ਪੀਜੀ) ਕੋਰਸਾਂ ਦੇ ਪਹਿਲੇ, ਦੂਜੇ, ਤੀਜੇ ਅਤੇ ਚੌਥੇ ਸਾਲ ਵਿੱਚ ਦਾਖਲੇ ਦੀ ਅੰਤਿਮ ਮਿਤੀ ਨੂੰ ਹੁਣ ਵਧਾ ਕੇ 6 ਅਕਤੂਬਰ 2026 ਕਰ ਦਿੱਤਾ ਗਿਆ ਹੈ।

ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਦੱਸਿਆ ਕਿ ਦਾਖਲਾ ਪੋਰਟਲ ਨੂੰ ਮੁੜ ਖੋਲ੍ਹਣ ਅਤੇ ਦਾਖਲੇ ਦੀ ਤਾਰੀਖ਼ ਅੱਗੇ ਵਧਾਉਣ ਨੂੰ ਲੈ ਕੇ ਵਿਭਾਗ ਨੂੰ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਵਿਦਿਆਰਥੀਆਂ ਤੋਂ ਲਗਾਤਾਰ ਬੇਨਤੀਆਂ ਪ੍ਰਾਪਤ ਹੋ ਰਹੀਆਂ ਸਨ। ਵਿਦਿਆਰਥੀਆਂ ਦੀ ਸਹੂਲਤ ਅਤੇ ਉਨ੍ਹਾਂ ਦੀ ਪੜ੍ਹਾਈ ਦੇ ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਨੇ ਦਾਖਲਾ ਪੋਰਟਲ ਨੂੰ ਮੁੜ ਖੋਲ੍ਹਣ ਅਤੇ ਅੰਤਿਮ ਮਿਤੀ ਦਾ ਵਿਸਥਾਰ ਕਰਨ ਦਾ ਫੈਸਲਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਉਨ੍ਹਾਂ ਸਾਰੇ ਬਾਕੀ ਰਹਿੰਦੇ ਵਿਦਿਆਰਥੀਆਂ ਨੂੰ ਰਾਹਤ ਮਿਲੇਗੀ ਜੋ ਕਿਸੇ ਕਾਰਨ ਕਰਕੇ ਹੁਣ ਤੱਕ ਆਪਣੀ ਦਾਖਲਾ ਪ੍ਰਕਿਰਿਆ ਪੂਰੀ ਨਹੀਂ ਕਰ ਸਕੇ ਸਨ। ਸਿੱਖਿਆ ਮੰਤਰੀ ਨੇ ਸਾਰੇ ਸੰਬੰਧਿਤ ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਯੋਗ ਵਿਦਿਆਰਥੀਆਂ ਦੀ ਦਾਖਲਾ ਪ੍ਰਕਿਰਿਆ ਸਮਾਂਬੱਧ ਅਤੇ ਸੁਚਾਰੂ ਢੰਗ ਨਾਲ ਪੂਰੀ ਕਰਵਾਉਣਾ ਯਕੀਨੀ ਬਣਾਉਣ।

## ਏਸ਼ਿਆਈ ਖੇਡਾਂ ਵਿੱਚ ਹਰਿਆਣਾ ਦੀਆਂ ਧੀਆਂ ਦਾ ਜਲਵਾ, ਤਿਰੰਗੇ ਦੀ ਸ਼ਾਨ ਵਧਾ ਰਹੀਆਂ ਹਨ ਧੀਆਂ - ਖੇਡ ਰਾਜ ਮੰਤਰੀ ਗੌਰਵ ਗੌਤਮ

**ਚੰਡੀਗੜ੍ਹ, 26 ਸਤੰਬਰ**
**-ਜੀ. ਐਸ. ਤੁੰਗ-**

ਜਪਾਨ ਦੇ ਆਈਚੀ-ਨਾਗੋਆ ਵਿੱਚ ਆਯੋਜਿਤ ਏਸ਼ਿਆਈ ਖੇਡਾਂ-2026 ਵਿੱਚ ਭਾਰਤੀ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੌਰਾਨ ਹਰਿਆਣਾ ਦੀਆਂ ਧੀਆਂ ਦੇਸ਼ ਦਾ ਮਾਣ ਵਧਾ ਰਹੀਆਂ ਹਨ। ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਏਸ਼ਿਆਈ ਖੇਡਾਂ ਵਿੱਚ ਭਾਰਤੀ ਮਹਿਲਾ ਖਿਡਾਰਨਾਂ ਅਤੇ ਖਾਸ ਕਰਕੇ ਹਰਿਆਣਾ ਦੀਆਂ ਧੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਧੀਆਂ ਨੇ ਆਪਣੀ ਮਿਹਨਤ, ਪ੍ਰਤਿਭਾ ਅਤੇ ਜਜ਼ਬੇ ਨਾਲ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਹਰਿਆਣਾ ਖੇਡ ਪ੍ਰਤਿਭਾਵਾਂ ਦੀ ਜਨਨੀ ਹੈ।

ਖੇਡ ਮੰਤਰੀ ਨੇ ਕਿਹਾ ਕਿ ਭਾਰਤੀ ਮਹਿਲਾ ਕਬੱਡੀ ਟੀਮ ਵਿੱਚ ਹਰਿਆਣਾ ਦੀਆਂ ਛੇ ਧੀਆਂ ਦੀ ਮੌਜੂਦਗੀ ਸੂਬੇ ਲਈ ਬਹੁਤ ਮਾਣ ਵਾਲੀ ਗੱਲ ਹੈ। ਧੀਆਂ ਅੱਜ ਨਾ ਸਿਰਫ਼ ਖੇਡ ਦੇ ਮੈਦਾਨ ਵਿੱਚ ਸਗੋਂ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਰਹੀਆਂ ਹਨ। ਕਬੱਡੀ ਟੀਮ ਦਾ ਇਹ ਪ੍ਰਦਰਸ਼ਨ ਟੀਮ ਵਰਕ, ਅਨੁਸ਼ਾਸਨ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹਰਿਆਣਾ ਦੇ ਖਿਡਾਰੀ ਏਸ਼ਿਆਈ ਖੇਡਾਂ ਤੋਂ ਤਗ਼ਮਿਆਂ ਦੀ ਵੱਡੀ ਸੌਗਾਤ ਲੈ ਕੇ ਪਰਤਣਗੇ।

ਗੌਰਵ ਗੌਤਮ ਨੇ ਦੱਸਿਆ ਕਿ ਰਾਜ ਸਰਕਾਰ ਖਿਡਾਰੀਆਂ ਨੂੰ ਆਧੁਨਿਕ ਖੇਡ ਸਹੂਲਤਾਂ ਅਤੇ ਅੰਤਰਰਾਸ਼ਟਰੀ ਪੱਧਰ ਦੀ ਕੋਚਿੰਗ ਪ੍ਰਦਾਨ ਕਰਨ ਲਈ ਵਚਨਬੱਧ ਹੈ। 'ਮਿਸ਼ਨ ਓਲੰਪਿਕ-2036' ਰਾਹੀਂ ਸੂਬੇ ਵਿੱਚ ਖੇਡ ਪ੍ਰਤਿਭਾਵਾਂ ਨੂੰ ਸ਼ੁਰੂਆਤੀ ਪੱਧਰ ਤੋਂ ਨਿਖਾਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ 'ਖੇਡੋ ਇੰਡੀਆ' ਵਰਗੀਆਂ ਸਕੀਮਾਂ ਨਾਲ ਦੇਸ਼ ਵਿੱਚ ਖੇਡਾਂ ਦਾ ਇੱਕ ਮਜ਼ਬੂਤ ਮਾਹੌਲ ਤਿਆਰ ਹੋਇਆ ਹੈ, ਜਿਸ ਦਾ ਸਿੱਧਾ ਅਸਰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਖੇਡ ਮੰਤਰੀ ਨੇ ਕਿਹਾ ਕਿ ਏਸ਼ਿਆਈ ਖੇਡਾਂ ਤੋਂ ਪਰਤਣ 'ਤੇ ਸੂਬੇ ਦੇ ਖਿਡਾਰੀਆਂ ਦਾ ਭਵਿੱਖ ਸਵਾਗਤ ਅਤੇ ਨਾਗਰਿਕ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨੂੰ ਸ਼ਖਸ਼ੀਅਤ ਉਸਾਰੀ ਦਾ ਸਾਧਨ ਬਣਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਹਰ ਪ੍ਰਤਿਭਾਸ਼ਾਲੀ ਖਿਡਾਰੀ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਦੀ ਰਹੇਗੀ।

## ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਗਲਤ ਨੀਤੀਆਂ ਕਾਰਨ ਹੀ ਅੱਜ ਪੰਜਾਬ ਪਿੱਛੇ ਹੋ ਗਿਆ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 26 ਸਤੰਬਰ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਯਾਤਰਾ ਕੱਢੀ ਜਾ ਰਹੀ ਹੈ। ਇਸ ਲਈ ਪੰਜਾਬ ਦੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕੱਠੇ ਹੋ ਕੇ ਖੜ੍ਹਾ ਹੋਣਾ ਚਾਹੀਦਾ ਹੈ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਨਾਲ-ਨਾਲ ਆਰਥਿਕ ਤੌਰ 'ਤੇ ਵੀ ਮਜ਼ਬੂਤ ਕੀਤਾ ਜਾ ਸਕੇ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸੰਤ ਕਬੀਰ ਕੁਟੀਰ ਵਿੱਚ ਨਵਾਂਸ਼ਹਿਰ ਤੋਂ ਆਏ ਜਨ ਪ੍ਰਤੀਨਿਧੀਆਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਟੈਂਪੂ ਯੂਨੀਅਨ ਦੇ ਪ੍ਰਧਾਨ ਕਮਲਜੀਤ ਰਾਣਾ ਦੀ ਟੀਮ ਨੂੰ ਪਾਰਟੀ ਦਾ ਪ੍ਰਤੀਕ ਪਟਕਾ ਪਹਿਨਾ ਕੇ ਭਾਜਪਾ ਵਿੱਚ ਸ਼ਾਮਲ ਕੀਤਾ ਅਤੇ ਪਾਰਟੀ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਮੁੱਖ ਮੰਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਗਲਤ ਨੀਤੀਆਂ ਕਾਰਨ ਹੀ ਅੱਜ ਪੰਜਾਬ ਪਿੱਛੇ ਹੋ ਗਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਕਾਂਗਰਸ ਨਾਲੋਂ ਵੀ ਵੱਧ ਭ੍ਰਿਸ਼ਟ ਨਿਕਲੀ ਹੈ। ਇਸ ਸਰਕਾਰ ਨੇ ਪੰਜਾਬ ਸੂਬੇ ਨੂੰ ਬਰਬਾਦ ਕਰਨ ਦਾ ਕੰਮ ਕੀਤਾ ਹੈ। ਇਸ ਲਈ ਹੁਣ ਸੂਬੇ ਦੀ ਜਨਤਾ ਨੇ ਪੰਜਾਬ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਦੀ ਸਰਕਾਰ ਬਣਾਉਣ ਅਤੇ ਇੱਕ ਮਜ਼ਬੂਤ ਅਤੇ ਵਿਕਸਤ ਸੂਬਾ ਬਣਾਉਣ ਦਾ ਦ੍ਰਿੜ੍ਹ ਨਿਸ਼ਚਾ ਕਰ ਲਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਅਤੇ ਕਾਂਗਰਸ ਨੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ, ਭ੍ਰਿਸ਼ਟਾਚਾਰ ਅਤੇ ਨਸ਼ਾ ਮੁਕਤ ਸ਼ਾਸਨ, ਕਿਸਾਨਾਂ ਦੀ ਖੁਸ਼ਹਾਲੀ ਦਾ ਵਾਅਦਾ ਕੀਤਾ ਸੀ, ਪਰ ਹੁਣ ਇਨ੍ਹਾਂ ਖੋਖਲੇ ਵਾਅਦਿਆਂ ਤੋਂ ਜਨਤਾ ਪਰੇਸ਼ਾਨ ਹੋ ਚੁੱਕੀ ਹੈ। ਹੁਣ ਪੰਜਾਬ ਦੀ ਜਨਤਾ ਨੇ ਬਦਲਾਅ ਲਿਆਉਣ ਦਾ ਮਨ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਗਲਤ ਨੀਤੀਆਂ ਕਾਰਨ ਕਾਂਗਰਸ ਨੂੰ ਬਾਹਰ ਦਾ ਰਸਤਾ ਦਿਖਾਇਆ। ਹੁਣ ਆਮ ਆਦਮੀ ਦੀ ਸਰਕਾਰ ਨੂੰ ਵੀ ਬਾਹਰ ਦਾ ਰਸਤਾ ਦਿਖਾਏਗੀ।

**'ਆਪ' ਸਰਕਾਰ ਨੇ ਸ਼ਹੀਦ ਭਗਤ ਸਿੰਘ ਦਾ ਨਾਂ ਲੈ ਕੇ ਵੀ ਝੂਠ ਬੋਲਿਆ**

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਦੇ ਮੁਖੀ ਕੇਜਰੀਵਾਲ ਨੇ ਇਮਾਨਦਾਰੀ ਅਤੇ 20 ਲੱਖ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਨਾਲ-ਨਾਲ ਸ਼ਹੀਦ ਭਗਤ ਸਿੰਘ ਦਾ ਨਾਅਰਾ ਦਿੱਤਾ। ਜਿਸ ਨਾਲ ਲੋਕ ਉਨ੍ਹਾਂ ਦੇ ਝਾਂਸੇ ਵਿੱਚ ਆ ਗਏ। ਉਸਨੇ ਵੀ ਪੰਜਾਬ ਦੀ ਜਨਤਾ ਨਾਲ ਵੱਡਾ ਧੋਖਾ ਕੀਤਾ ਹੈ। ਸਰਦਾਰ ਭਗਤ ਸਿੰਘ ਨੇ ਇਹ ਸੋਚ ਕੇ ਕੁਰਬਾਨੀ ਦਿੱਤੀ ਸੀ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਖੁੱਲ੍ਹੀ ਹਵਾ ਵਿੱਚ ਸਾਹ ਲੈ ਕੇ ਸੁਰੱਖਿਅਤ ਜੀਵਨ ਬਤੀਤ ਕਰ ਸਕਣ। 'ਆਪ' ਸਰਕਾਰ ਨੇ ਉਨ੍ਹਾਂ ਦਾ ਵੀ ਅਪਮਾਨ ਕਰਨ ਦਾ ਕੰਮ ਕੀਤਾ। ਪੰਜਾਬ ਦੀ ਜਨਤਾ ਤੋਂ ਇਨ੍ਹਾਂ ਨੂੰ ਮੁਆਫੀ ਮੰਗਣੀ ਚਾਹੀਦੀ ਹੈ ਕਿ ਸ਼ਹੀਦ ਭਗਤ ਸਿੰਘ ਦਾ ਨਾਂ ਲੈ ਕੇ ਝੂਠ ਬੋਲਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇਹ ਆਮ ਆਦਮੀ ਨਹੀਂ ਹਨ, ਉਹ ਖਾਸ ਆਦਮੀ ਹਨ ਜਿਨ੍ਹਾਂ ਨੂੰ ਨੌਜਵਾਨਾਂ ਦੀ ਕੋਈ ਚਿੰਤਾ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸੂਬਾ ਨਹੀਂ, ਸਗੋਂ ਸੱਭਿਆਚਾਰ ਅਤੇ ਸੋਚ ਦਾ ਜਜ਼ਬਾ ਹੈ ਅਤੇ ਦੇਸ਼ ਦਾ ਨੰਬਰ ਇੱਕ ਸੂਬਾ ਰਿਹਾ ਹੈ। ਇਹ ਗੁਰੂਆਂ, ਪੀਰਾਂ, ਸ਼ਹੀਦਾਂ ਅਤੇ ਵੀਰਾਂ ਦੀ ਪਵਿੱਤਰ ਧਰਤੀ ਹੈ। ਇੱਥੋਂ ਦੇ ਲੋਕ ਬਹੁਤ ਮਿਹਨਤੀ ਹਨ ਅਤੇ ਆਪਸੀ ਪਿਆਰ ਅਤੇ ਸਨੇਹ ਨਾਲ ਜੀਵਨ ਬਤੀਤ ਕਰਦੇ ਹਨ।

ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਨੇ ਉਨ੍ਹਾਂ ਨੂੰ 5 ਸਾਲ ਦਾ ਸਮਾਂ ਦਿੱਤਾ। ਇਸ ਕਾਰਜਕਾਲ ਵਿੱਚ ਬਿਹਤਰ ਕੰਮ ਕਰਕੇ ਜਨਤਾ ਦੀ ਸੇਵਾ ਕਰਨੀ ਚਾਹੀਦੀ ਸੀ। ਪਰ 'ਆਪ' ਅਤੇ ਕਾਂਗਰਸ ਸਰਕਾਰ ਨੇ ਸਿਰਫ਼ ਪੰਜਾਬ ਅਤੇ ਇੱਥੋਂ ਦੇ ਭੋਲੇ-ਭਾਲੇ ਲੋਕਾਂ ਨੂੰ ਲੁੱਟਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਨੇ ਇਸ ਦੌਰਾਨ ਸੂਬਾ ਸਰਕਾਰ ਵੱਲੋਂ ਹਰਿਆਣਾ ਵਿੱਚ ਕੀਤੇ ਗਏ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਰਿਆਣਾ ਵਿੱਚ ਬੀਜੇਪੀ ਸਰਕਾਰ ਨੇ ਬਿਨਾਂ ਪਰਚੀ ਬਿਨਾਂ ਖਰਚੀ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਕੇ ਮਿਸਾਲ ਪੇਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਬਣਦਿਆਂ ਹੀ ਹਰਿਆਣਾ ਦੀ ਤਰਜ 'ਤੇ ਵਿਕਾਸ ਕਾਰਜ ਹੋਣਗੇ ਅਤੇ ਸਾਰੀਆਂ ਜਨ ਕਲਿਆਣਕਾਰੀ ਨੀਤੀਆਂ ਨੂੰ ਹੂ-ਬਹੂ ਲਾਗੂ ਕਰਕੇ ਲੋਕਾਂ ਨੂੰ ਲਾਭ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਡੰਕੀ ਰੂਟ ਰਾਹੀਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਿਆਂ 'ਤੇ ਸ਼ਿਕੰਜਾ ਕੱਸਦਿਆਂ ਕਾਨੂੰਨ ਬਣਾਇਆ ਹੈ। ਜੇਕਰ ਕੋਈ ਅਜਿਹਾ ਕਰਦਾ ਹੈ, ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ। ਇੰਨਾ ਹੀ ਨਹੀਂ, ਅਜਿਹੇ ਏਜੰਟਾਂ ਦੇ ਸੈਂਟਰਾਂ ਨੂੰ ਸੀਲ ਤੱਕ ਕਰਨ ਦਾ ਕੰਮ ਸਰਕਾਰ ਕਰੇਗੀ। ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਰੁਜ਼ਗਾਰ ਦਿਵਾਉਣ ਲਈ ਵਿਦੇਸ਼ ਸੇਵਾ ਵਿਭਾਗ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਵਿਭਾਗ ਨੌਜਵਾਨਾਂ ਲਈ ਵਿਦੇਸ਼ਾਂ ਤੋਂ ਵੈਕੈਂਸੀਆਂ ਲੈ ਕੇ ਆਉਂਦਾ ਹੈ। ਇਸ ਤੋਂ ਬਾਅਦ ਨੌਜਵਾਨਾਂ ਦੀ ਚੋਣ ਕਰਕੇ ਵਿਦੇਸ਼ਾਂ ਵਿੱਚ ਭੇਜਿਆ ਜਾਂਦਾ ਹੈ।

ਪ੍ਰੋਗਰਾਮ ਵਿੱਚ ਸੰਬੋਧਨ ਕਰਦਿਆਂ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ਼੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਜਿੱਥੇ ਵੀ ਪ੍ਰਚਾਰ ਲਈ ਗਏ ਹਨ, ਉੱਥੇ ਪਾਰਟੀ ਸੰਗਠਨ ਮਜ਼ਬੂਤ ਹੋਇਆ ਹੈ ਅਤੇ ਸਰਕਾਰ ਬਣਾ ਕੇ ਆਏ ਹਨ। ਇਸ ਤੋਂ ਪਹਿਲਾਂ ਮਹਾਰਾਸ਼ਟਰ, ਦਿੱਲੀ, ਆਸਾਮ ਵਿੱਚ ਗਏ ਉੱਥੇ ਵੀ ਭਾਜਪਾ ਸਰਕਾਰ ਬਣੀ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦਾ ਦੌਰਾ ਕਰ ਰਹੇ ਹਨ, ਇੱਥੇ ਵੀ ਭਾਜਪਾ ਦਾ ਕੁਨਬਾ ਲਗਾਤਾਰ ਵਧ ਰਿਹਾ ਹੈ। ਇਸ ਤੋਂ ਸਪੱਸ਼ਟ ਲੱਗਦਾ ਹੈ ??ਪੰਜਾਬ ਵਿੱਚ ਬਦਲਾਅ ਦਾ ਸਮਾਂ ਆ ਗਿਆ ??।

ਸ਼੍ਰੀ ਗੰਗਵਾ ਨੇ ਕਿਹਾ ਕਿ ਹਰਿਆਣਾ ਸੂਬੇ ਵਿੱਚ ਮੌਜੂਦਾ ਸਰਕਾਰ ਨੇ ਜਨਤਾ ਨਾਲ ਕੀਤੇ ਵਾਅਦੇ ਪੂਰੇ ਕਰਨ ਦਾ ਕੰਮ ਕੀਤਾ ਹੈ। ਪੰਜਾਬ ਵਿੱਚ ਵੀ ਸਰਕਾਰ ਬਣਦਿਆਂ ਹੀ ਪਹਿਲੇ ਦਿਨ ਤੋਂ ਬਿਹਤਰ ਕੰਮ ਕੀਤੇ ਜਾਣਗੇ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਨਾਲ ਹੀ ਆਰਥਿਕ ਤੌਰ 'ਤੇ ਵੀ ਮਜ਼ਬੂਤ ਅਤੇ ਖੁਸ਼ਹਾਲ ਬਣਾਇਆ ਜਾਵੇਗਾ।

## 30ਵੇਂ ਰਾਸ਼ਟਰੀ ਯੁਵਾ ਮਹੋਤਸਵ ਦੇ ਤਹਿਤ ਹਰਿਆਣਾ ਦੇ ਨੌਜਵਾਨ ਦਿਖਾਉਣ ਆਪਣਾ ਦਮ- ਸਿੱਖਿਆ ਮੰਤਰੀ ਮਹੀਪਾਲ ਢਾਂਡਾ

**ਚੰਡੀਗੜ੍ਹ, 26 ਸਤੰਬਰ**
**-ਸੰਜੀਵ ਸਿੰਗਲਾ--**

ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਰਾਜ ਦੇ ਸਾਰੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਅਤੇ ਜ਼ਿਲ੍ਹਾ ਮੁੱਢਲੀ ਸਿੱਖਿਆ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਹੈ ਕਿ 30ਵੇਂ ਰਾਸ਼ਟਰੀ ਯੁਵਾ ਮਹੋਤਸਵ 2027 ਦੇ ਤਹਿਤ ਆਯੋਜਿਤ ਕੀਤੀ ਜਾ ਰਹੀ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ' ਕਵਿਜ਼ ਮੁਕਾਬਲੇ ਵਿੱਚ ਸੂਬੇ ਦੇ ਵੱਧ ਤੋਂ ਵੱਧ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਕੇਂਦਰੀ ਯੁਵਾ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਸ ਸਾਲ ਵੀ ਰਾਸ਼ਟਰੀ ਯੁਵਾ ਮਹੋਤਸਵ ਦਾ ਆਯੋਜਨ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ' ਦੀ ਥੀਮ 'ਤੇ ਕੀਤਾ ਜਾ ਰਿਹਾ ਹੈ।

ਮਹੋਤਸਵ ਦੇ ਪਹਿਲੇ ਪੜਾਅ ਦੀ ਸ਼ੁਰੂਆਤ 'ਮਾਈ ਭਾਰਤ ਪੋਰਟਲ' (My Bharat Portal) ਅਤੇ 'ਮਾਈ ਜੀਓਵੀ ਪੋਰਟਲ' (My Gov Portal) ਰਾਹੀਂ ਕਵਿਜ਼ ਮਕਾਬਲੇ ਦੁਆਰਾ ਕੀਤੀ ਗਈ ਹੈ, ਜਿਸ ਦੀ ਅੰਤਿਮ ਮਿਤੀ 30 ਸਤੰਬਰ 2026 ਨਿਰਧਾਰਿਤ ਹੈ। ਮੰਤਰੀ ਨੇ ਕਿਹਾ ਕਿ ਇਸ ਪ੍ਰਤੀਯੋਗਤਾ ਵਿੱਚ 17 ਅਗਸਤ 2026 ਨੂੰ ਕੱਟ-ਆਫ ਮਿਤੀ ਮੰਨਦੇ ਹੋਏ 15 ਤੋਂ 29 ਸਾਲ ਦੇ ਉਮਰ ਵਰਗ ਦਾ ਕੋਈ ਵੀ ਨੌਜਵਾਨ ਹਿੱਸਾ ਲੈ ਸਕਦਾ ਹੈ। ਉਨ੍ਹਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਉਹ ਆਪਣੇ-ਆਪਣੇ ਜ਼ਿਲ੍ਹਿਆਂ ਦੇ ਤਹਿਤ ਆਉਣ ਵਾਲੇ ਸਾਰੇ ਸਕੂਲ ਇੰਚਾਰਜਾਂ ਨੂੰ ਤੁਰੰਤ ਨਿਰਦੇਸ਼ਿਤ ਕਰਨ ਤਾਂ ਜੋ ਉਹ ਆਪਣੇ ਸਕੂਲਾਂ ਵਿੱਚ ਪੜ੍ਹਨ ਵਾਲੇ ਯੋਗ ਵਿਦਿਆਰਥੀਆਂ ਨੂੰ ਇਸ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ।



ਸਿੱਖਿਆ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਨੌਜਵਾਨਾਂ ਵਿੱਚ ਬੇਅੰਤ ਪ੍ਰਤਿਭਾ ਹੈ। ਇਹ ਮੰਚ ਸੂਬੇ ਦੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਸਮਰੱਥਾ ਸਿੱਧ ਕਰਨ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਆਪਣੇ ਵਿਚਾਰ ਸਾਂਝੇ ਕਰਨ ਦਾ ਇੱਕ ਸੁਨਹਿਰੀ ਮੌਕਾ ਪ੍ਰਦਾਨ ਕਰਦਾ ਹੈ। ਸਾਰੇ ਸਕੂਲ ਮੁਖੀ ਯਕੀਨੀ ਬਣਾਉਣ ਕਿ ਸਮਾਂ ਰਹਿੰਦੇ ਵੱਧ ਤੋਂ ਵੱਧ ਵਿਦਿਆਰਥੀ ਇਸ ਵਿੱਚ ਆਨਲਾਈਨ ਰਜਿਸਟ੍ਰੇਸ਼ਨ ਕਰਕੇ ਹਿੱਸਾ ਲੈਣ।





